ALL STAR DRIVING SCHOOL
$10.00 ਪੰਜਾਬੀ ਗਾਈਡ ਇਥੇ ਮਿਲਦੀ ਹੈ
ਬੀਬੀਆਂ ਅਤੇ ਭੈਣਾਂ ਲਈ ਲੇਡੀ ਇੰਸਟਰਕਟਰ
KNOWLEDGE & DRIVING TESTS DONE HERE
24620 MILITARY RD S, KENT, WA 98032
Ph: 253-852-1996
WA STATE APPROVED SINCE 2004 www.allstardrivingschool.info

KALER TAX AND ACCOUNT LLC
Harjinder S. Kaler 206.551.6666
Personal And Business Tax Filling, 1099, W2 Immigration, Passport, Visa And Petition, Business Start, Obama Health Care Broker And All Other Applications Services
10618 SE 240 ST, SUITE 204, KENT, WA 98031 kalertax@gmail.com
ਹਰਜਿੰਦਰ ਸਿੰਘ ਕਲੇਰ

ACCURATE ACCOUNTS AND TAXES
Contact For Business Accounting
Payroll
Tax Filling
Book Keeping
Other Paper Work
Immigration Consultancy
New Business Setup Services
MOHINDER S. SOHAL
Cell: 206-841-1431
Buss: 253-520-8886
Email:mssohal@yahoo.com

ਕਨੇਡਾ ਅਤੇ ਅਮਰੀਕਾ ਵਿਚ ਸਭ ਤੋਂ ਵੱਧ ਪੜਿਆ ਜਾਣ ਵਾਲਾ ਹਰਮਨ ਪਿਆਰਾ ਪੰਜਾਬੀ ਹਫ਼ਤਾਵਾਰੀ ਅਖ਼ਬਾਰ

# ਪੰਜਾਬ ਗਾਰਡੀਅਨ
# PUNJAB GUARDIAN

ਆਓ ਪੰਜਾਬੀ ਮਾਂ ਬੋਲੀ ਦਾ ਮਾਣ ਵਧਾਈਏ

B.C Greater Vancouver, Fraser Valley, Victoria, Nanaimo, Prince George, Kamloops, Kelowna, Oliver, Squamish
ALBERTA Edmonton, Calgary
USA Greater Seattle, Everett, Marysville, Portland, Bellingham, Belivue, Lyndon, Lynwood
sales@punjabguardian.com
www.punjabguardian.com

Tel: 604-590-5200 Fax:604-596-5700 Toll Free: 1-877-584-5200 Vol. 33, Issue No. 16, Ending Date:Apr 17, 2026

LOAN FACTORY
COMMERCIAL AND RESIDENTIAL LOANS
• 30Yr Fixed/Arm
• SBA Loans
• Bank Statement
• Profit and Loss only
• Construction Loans
• Line of Credit
Jasdeep Singh
Loan Officer | NMLS 1900093
Cell: 253-223-3717

## ਸਰੀ ਦੀ ਖਾਲਸਾ ਡੇਅ ਪਰੇਡ 29 ਅਪ੍ਰੈਲ 1986 ਦੇ ਖਾਲਿਸਤਾਨ ਐਲਾਨ ਨਾਮੇ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਨੂੰ ਹੋਵੇਗੀ ਸਮਰਪਿਤ

ਸਰੀ(ਪੰਧੇਰ ਗੁਰਸੇਵ ਸਿੰਘ):7 ਅਪ੍ਰੈਲ ਦਿਨ ਮੰਗਲਵਾਰ ਨੂੰ ਤਾਜ ਬੈਂਕਿਉਟ ਹਾਲ ਵਿਖੇ ਗੁਰਦਵਾਰਾ ਸਾਹਿਬ ਦਸ਼ਮੇਸ ਦਰਬਾਰ ਸਰੀ ਦੇ ਮੁੱਖ ਸੇਵਾਦਾਰ ਭਾਈ ਗੁਰਦੀਪ ਸਿੰਘ ਸਮਰਾ ਅਤੇ ਸੈਕਟਰੀ ਜਸਵੀਰ ਸਿੰਘ ਦੀ ਅਗਵਾਈ ਵਿੱਚ ਭਰਵੀਂ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਸਮੇਂ ਭਾਈ ਮੋਨਿੰਦਰ ਸਿੰਘ ਬੋਇਲ ਨੇ ਦੱਸਿਆ ਕਿ ਇਸ ਸਾਲ ਦੀ ਪਰੇਡ 29 ਅਪ੍ਰੈਲ 1986 ਦੇ ਖਾਲਿਸਤਾਨ ਦੇ ਐਲਾਨ ਨਾਮੇ ਅਤੇ ਭਾਈ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਨੂੰ ਸਮਰਪਿਤ ਹੋਵੇਗੀ। ਉਨਾ ਦੱਸਿਆ ਕਿ ਭਾਰਤ ਵੱਲੋਂ ਕੈਨੇਡਾ ਵਿੱਚ ਦਖਲ ਅੰਦਾਜ਼ੀ ਜਾਰੀ ਹੈ। ਹੁਣ ਵੀ ਅਜ਼ਾਦੀ ਦੀ ਗੱਲ ਕਰਨ ਵਾਲੇ ਸਿੱਖਾਂ ਨੂੰ ਭਾਰਤੀ ਏਜੰਟ ਧਮਕੀਆਂ ਦੇ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਜਿੰਨਾ ਚਿਰ ਅਜਿਹੀਆਂ ਹਰਕਤਾਂ ਬੰਦ ਨਹੀਂ ਹੁੰਦੀਆਂ ਇਹ ਮੁੱਦੇ ਅਸੀਂ ਉਭਾਰਦੇ ਰਹਾਂਗੇ। ਉਨ੍ਹਾਂ ਪੁਰਾਤਨ ਸਿੰਘਾਂ ਦੀ ਮਿਸਾਲ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਸ਼ਹਾਦਤਾਂ ਤੋਂ ਖਾਲਸਾ ਪੰਥ ਆਪਣਾ ਵੱਡਾ ਰਾਜ ਸਿਰਜ ਸਕਿਆ। ਭਾਈ ਗਿਆਨ ਸਿੰਘ ਗਿੱਲ ਨੇ ਵਿਸਥਾਰ ਸਹਿਤ ਦੱਸਿਆ ਕਿ 1999 ਵਿੱਚ ਜਦੋਂ ਪਹਿਲੀ ਵਾਰ ਨਗਰ ਕੀਰਤਨ ਆਰੰਭ ਹੋਇਆ ਸੀ ਤਾਂ ਉਸ ਸਮੇ ਮੀਡੀਏ ਨੇ ਨਗਰ ਕੀਰਤਨ ਵਿੱਚ ਸ਼ਾਮਲ ਸੰਗਤਾਂ ਦੀ ਗਿਣਤੀ ਨੂੰ 65000 ਦੇ ਕਰੀਬ ਦੱਸਿਆ ਸੀ ਪਰ ਹੁਣ ਇਹ ਗਿਣਤੀ 6-7 ਲੱਖ ਦੇ ਕਰੀਬ ਪਹੁੰਚ ਗਈ ਹੈ। ਸ੍ਰੀ ਅਨੰਦਪੁਰ ਸਾਹਿਬ ਜੀ ਦੇ ਹੋਲੇ ਮਹੱਲੇ ਤੋਂ ਬਾਅਦ ਇਹ ਸਿੱਖ ਕੌਮ ਦਾ ਦੂਸਰਾ ਵੱਡਾ ਇਕੱਠ ਹੁੰਦਾ ਹੈ। ਇਥੇ ਕੈਨੇਡਾ ਭਰ ਅਤੇ ਅਮਰੀਕਾ ਦੀਆਂ ਵੱਖ ਵੱਖ ਸਟੇਟਾਂ ਤੋਂ ਸੰਗਤਾਂ ਪਹੁੰਚਦੀਆਂ ਹਨ। ਉਨ੍ਹਾਂ ਦੱਸਿਆ ਕਿ 18 ਅਪ੍ਰੈਲ ਨੂੰ ਨਾਰਥ ਵੈਨਕੂਵਰ ਹੌਰਸ਼ ਬੇਅ ਤੋਂ ਪਹਿਲੀ ਫੈਰੀ ਤੋਂ ਗੁਰੂ ਅੰਗਦ ਦੇਵ ਐਲੀਮੈਂਟਰੀ ਸਕੂ਼ਲ ਦੀਆਂ ਬੱਸਾਂ ਸੰਗਤਾਂ ਨੂੰ ਲੈ ਕੇ ਆਉਣਗੀਆਂ ਅਤੇ ਟਵਾਸਨ ਫੈਰੀ ਤੋਂ ਖਾਲਸਾ ਸਕੂ਼ਲ ਵੱਲੋਂ ਸੇਵਾ ਕੀਤੀ ਜਾ ਰਹੀ ਹੈ। ਉਨ੍ਹਾਂ ਬੇਨਤੀ ਕੀਤੀ ਕਿ ਸੰਗਤਾਂ ਡਰਾਈਵੇਅ ਖਾਲੀ ਰੱਖਣ। ਉਨ੍ਹਾਂ ਸੰਗਤਾਂ ਨੂੰ ਵੀ ਬੇਨਤੀ ਕੀਤੀ ਕਿ ਉਹ ਗਰਬੇਜ਼ ਬੈਗ ਘਰਾਂ ਤੋਂ ਨਾਲ ਲਿਆਉਣ ਜਿਥੇ ਵੀ ਕੂੜਾ ਦੇਖਣ ਉਸ ਵਿੱਚ ਪਾ ਕੇ ਸੜਕ ਕਿਨਾਰੇ ਰੱਖ ਦੇਣ ਵਲੰਟਰੀਅਰ ਆਪੇ ਚੁੱਕ ਲੈਣਗੇ। ਇਸ ਸਮੇਂ ਪੰਥਕ ਸੇਵਾਦਾਰ ਹੈਪੀ ਦਿਉਲ ਨੇ ਦੱਸਿਆ ਕਿ ਕਈ ਵਾਰੀ ਲੰਗਰਾਂ ਦੀ ਸੇਵਾ ਕਰਨ ਵਾਲੇ ਕੈਨਾ ਵਿੱਚ ਤੇਲ ਪਾਕੇ ਗਰਬੇਜ਼ ਵਿੱਚ ਰੱਖ ਦਿੰਦੇ ਹਨ। ਉਨ੍ਹਾਂ ਬੇਨਤੀ ਕੀਤੀ ਕਿ ਇਸ ਤਰਾਂ ਨਾ ਕੀਤਾ ਜਾਵੇ, ਕਿਉਂਕਿ ਤੇਲ ਅਲੱਗ ਰੀਸਾਈਕਲ ਹੁੰਦਾ ਹੈ। ਇਹ (ਬਾਕੀ ਸਫਾ ਏ-4 ਤੇ)





Real Estate in Seattle Area
ਸਿਆਟਲ ਏਰੀਏ 'ਚ ਘਰ ਅਤੇ ਬਿਜ਼ਨਸ ਲੈਣ ਲਈ ਅੱਜ ਹੀ ਸੰਪਰਕ ਕਰੋ
Residential & Commercial
• Multifamily Units & Apartments
• Notary Service
For Honest, Friendly & Best Service, Call
Sarbjit Singh Saab
Realtor (MLS, CBA)
Ph: 206.255.0101
ਅਸੀਂ ਵਧੀਆ Interest Rate ਅਤੇ ਘੱਟ ਤੋਂ ਘੱਟ Closing Cost ਦੀ ਗਾਰੰਟੀ ਦਿੰਦੇ ਹਾਂ।

BARRETT FINANCIAL GROUP
ਤੁਸੀਂ ਘਰ ਖਰੀਦ, ਵੇਚ, ਰੀਫਾਇਨੈਂਸ ਜਾਂ ਆਪਣੇ ਸੁਪਨਿਆਂ ਦਾ ਨਵਾਂ ਘਰ ਬਣਾ ਰਹੇ ਹੋ ਤਾਂ ਅਸੀਂ ਲੋਨ ਜਾਂ ਮੌਰਗੇਜ ਲੈਣ ਲਈ ਭਰੋਸੇਯੋਗ ਸੇਵਾਵਾਂ ਦਿੰਦੇ ਹਾਂ
BARRETT FINANCIAL GROUP NMLS #18110
Cell:206-391-2630
Email:hgrover@barrettfinancial.com
Web:www.barrettfinancial.com/hgrover
2701 East Insight Way, Suite 150, Chandler, AZ 85286
Harmandeep Grover
Mortgage Loan Originator NMLS #2081225

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ
USA TRAVEL
24 Hr Emergency Call 206-992-2724
23609 104th Ave SE #103, Kent
Ph: 253-867-0450, 253-867-0451
1729 208th St Suite #202, Bothell
Ph: 425-420-1888 , 425-420-1889

Over 30 Years of Industry Experience
MULTANI LAW GROUP
ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ
Jashan Multani 206-243-4219
Gerald F. Robison, Senior Attorney
Jashan Multani, Associate Partner
Services we provide: / ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ
-Immigration/Political Asylum U-Visa, Vawa / -ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ, ਯੂ-ਵੀਜਾ, ਵਾਅਵਾ
-SIJ Guardianship Cases / -SIJ ਗਾਰਡੀਅਨਸ਼ਿਪ ਕੇਸ
- Personal Injury/Car Accidents / -ਕਾਰ ਐਕਸੀਡੈਂਟ/ਪ੍ਰਸਨਲ ਇੰਨਜਰੀ
- Evictions / -ਕਿਰਾਏਦਾਰ ਕੱਢਣਾ
Website:multanilawgroup.com
Email:Jashan@multanilawgroup.com
Add: 13106 S. East 240th St., #110, Kent, WA 98031

ਸਿਆਟਲ ਵਿਚ ਲਿਨਵੁਡ, ਐਵਰਟ, ਕੈਂਟ, ਮੈਰੀਸਵੈਲ, ਬੈਲੇਵਿਊ, ਰੈਡਮੰਡ, ਰੈਂਟਨ, ਪਿਆਲਪ ਦੇ ਇਲਾਕੇ ਵਿੱਚ ਰੀਅਲ ਅਸਟੇਟ ਦੀਆਂ ਸੇਵਾਵਾਂ ਪ੍ਰਦਾਨ ਕਰਦੇ ਹਾਂ।
JASMEEN KAUR
C: 425-299-2284
Bus: 425-602-4150
jasmeenkaur@cbbain.com
COLDWELL BANKER BAIN
8525 -120TH Ave. NE, #100,Kirkland, WA 98033
JASMEEN KAUR

John L. Scott REAL ESTATE
Kamaljit Singh
Real Estate Broker
* Residential * Commercial
* Bank Owned / Foreclosed
* Short Sale / Pre-Foreclosure
206-802-5699
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ/ਕਮਰਸ਼ੀਅਲ ਪ੍ਰਾਪਰਟੀ ਖਰੀਦਣ ਅਤੇ ਵੇਚਣ ਲਈ ਫੋਨ ਕਰੋ
Email:ksingh@johnlscott.com www.ksingh.johnlscott.com
Kent North Office:20829-72nd Ave S, Ste800 Kent, WA 98032

JK Tire Wholesaler
CASCADE Truck & RV Wash
Located next to Love Travel Center, 1-90 Exit 106, 1608 HWY 97 Ellensburg.WA
ਜਸਬੀਰ ਸਿੰਘ ਰੀਹਲ 206-235-2168
Ph: 509.925.9273
50 ਟਰੇਲਰ ਟਾਇਰਾਂ ਦੀ ਡੀਲ $230/ਟਾਇਰ
ਕੁਲਬੀਰ ਸਿੰਘ ਰੀਹਲ 206-245-0114

ਖ਼ੁਸ਼ਖਬਰੀ! ਖ਼ੁਸ਼ਖਬਰੀ! ਖ਼ੁਸ਼ਖਬਰੀ!
ਅੱਜ ਹੀ ਇਕ ਵਾਰ ਫੋਨ ਕਰੋ ਤੇ ਸਾਰੀ ਜਾਣਕਾਰੀ ਲਓ
ਤੁਹਾਡਾ ਘਰ ਲੈਣ ਦਾ ਜਾਂ ਬਿਜਨੈੱਸ ਲੈਣ ਦਾ ਸੁਪਨਾ ਅਸੀਂ ਪੂਰਾ ਕਰਾਂਗੇ
ਘਰ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ :
Berkshire Hathaway HOME SERVICES
Cell:206-446-9366
Office:253-854-9400
Northwest Real Estate
25230 104th Ave. S.E. Kent, WA 98030
eFax : 253-480-3448
Gagan@BHHSNWRE.com
GaganDeep.BGGSNWRE.com
ਗਗਨ ਚੌਹਾਨ

REAL ESTATE
ਕਿਸੇ ਵੀ ਤਰਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ।
For Residential/Commercial
• Short Sale • Foreclosed • Bank owned
• Hotels/Motels • Gas Stations • Vacant Lands
Sakater Singh Sandhu
MCNE, CBA, MLS
Master Certified Negotiation Expert
Cell: 206-766-0551
KELLER WILLIAMS REALTY
Email: sakatersingh@yahoo.com

Ozone Roofing LLC
Seattle, Tacoma & Everett ਵਿਚ ਘਰਾਂ ਅਤੇ ਕਮਰਸ਼ੀਅਲ ਬਿਲਡਿੰਗਾਂ ਦੀ ਰੂਫਿੰਗ ਦਾ ਕੰਮ ਤਸੱਲੀਬਖਸ਼ ਕਰਦੇ ਹਾਂ
Free Estimate
For Best Quotes Contact:
JD Singh 1-253-350-0341
Licensed, Bonded & Insured

FOREVER ROOFING
Licensed,Bonded & Insured
(FOREVRH874MJ)
PAWANDEEP JOSAN
Marketing Manager
Free Estimate
2062613683
Forever Roofing
Check us on
Web:Foreverroofing.net
Email:info@foreverroofing.net

HUMBLE SANDHU SERVICES
"We help you help yourself"
*Immigration *Tax *Notary
Services We Provide
•Business & Personal Tax / ਬਿਜਨਸ ਅਤੇ ਪਰਸਨਲ ਟੈਕਸ, ਹੈਲਥ ਪਲੈਨਜ਼,
•Indian Visa & OCI Applications / ਇੰਮੀਗਰੇਸ਼ਨ ਫਾਰਮ ਭਰਨ ਵਿਚ ਮੱਦਦ,
•Health Plans / ਇੰਡੀਅਨ ਵੀਜਾ & ਓਸੀਆਈ ਵਿਚ ਮੱਦਦ
Kent:253-338-9487
Puyallup:253-407-4723
Bellingham:360-440-5606
Email: myhumble@yahoo.com
25748-101st Ave, SE Kent WA 98030

LIFE INSURANCE | RETIREMENT PLANNING
Ø Life Insurance
Ø 529 College Saving Plan*
Ø IRA/401K Planning*
Ø Mortgage Protection
Ø Business Planning
Ø Estate Conservation
Ø Disability Insurance
Harpreet Parmar
Financial Services Professional
CA Insurance License # 0L12613
* Neither New York Life Insurance Company, nor its Agents provide Tax or Legal advice. Please consult your own tax or legal Professional before making any decisions
New York Life Insurance Company
15238 SE 272nd St Kent, WA 98042
Cell: 253-880-9968
www.harpreetparmar.com hparmar@ft.newyorklife.com
Registered Representative offering securities through NYLIFE Securities LLC (member FINRA/SIPC), A Licensed Insurance Agency and a New York Life Company

BALBIR SINGH NIJJAR
Senior Loan Originator
Wize Mortgage
ਮੌਰਗੇਜ਼ ਦੇ ਵਧੀਆ ਰੇਟ ਅਤੇ ਇਮਾਨਦਾਰ ਸਰਵਿਸ
RESIDENTIAL or COMMERCIAL LOANS
206-650-3700
13401-NE Bel Red Road, Suite B4, Bellevue, WA 98005
Bsingh@wisemfg.com www.wizemtg.com
Balbir Singh

Real Estate Expert
Harjinder Singh
ਸਿਆਟਲ ਏਰੀਏ ਵਿੱਚ ਘਰ ਖਰੀਦਣ ਤੇ ਵੇਚਣ ਲਈ ਕਾਲ ਕਰੋ
(206) 643-7853
Residencial & Commercial
Harjinder@TheLionEstates.com
www.TheLionEstates.com
Kent, Renton, Auburn, Covington, Seattle, Everett, Lynnwood, Marysville, Bellevue, Redmond, Kirkland
CENTURY 21 Real Estate Center

Reshmi's Group

INDIAN FOOD DISTRIBUTOR

444

A G E D




A G E D

444 XXL PREMIUM BASMATI RICE

AVAILABLE IN 8LB & 20LB

BEST BIRYANI RICE

LONG GRAIN | PREMIUM QUALITY

AROMATIC | NON-STICKY | EXTRA FLUFFY

PERFECT FOR

BIRYANI

PULAO

DAILY MEALS

BUY NOW

For Wholesale Order at :

1120 Andover Park E,Tukwila, WA 98188,

T: (206) 575-0050,E: sales@reshmisgroup.com.


DIAMONDS!
Diamond Necklace
Wedding Sets
and
Wedding Rings
50% off
Come see our collection
ਡਾਇਮੰਡਜ !
ਅਸੀਂ ਹਣ ਡਾਇਮੰਡ ਨੈਕੁਲੇਸ, ਵਿਆਹ ਦੇ ਸੈੱਟ
ਅਤੇ ਵਿਆਹ ਲਈ ਅੰਗੂਠੀਆਂ ਵੀ ਰੱਖਦੇ ਹਾਂ
50% off
ਆ ਕੇ ਕੁਲੈਕਸ਼ਨ ਦੇਖੋ
Season Special!
Visit our store for special pricing when buying
50 grams or more of 22k Gold Jewelry!
ਸੀਜਨ ਸਪੈਸ਼ਲ !
ਜਦੋਂ ਤੁਸੀਂ 50 ਗਰਾਮ ਜਾਂ ਇਸ ਤੋਂ ਜ਼ਿਆਦਾ 22 ਕੈਰੇਟ ਦੇ ਸੋਨੇ ਦੇ ਗਹਿਣੇ ਖਰੀਦਦੇ ਹੋ
ਤਾਂ ਸਪੈਸ਼ਲ ਕੀਮਤਾਂ ਲਈ ਸਾਡੇ ਸਟੋਰੇ ਤੇ ਆਉ।
CASH FOR GOLD
ਸੋਨੇ ਬਦਲੇ ਡਾਲਰ ਲਓ
ਸਾਡੀਆਂ ਕੀਮਤਾਂ ਬਹੁਤ ਘੱਟ ਹਨ
TAJ JEWELERS
TRADE YOUR OLD GOLD FOR NEW JEWELRY
ਆਪਣੇ ਪੁਰਾਣੇ ਗਹਿਣਿਆਂ ਬਦਲੇ ਨਵੇਂ ਫੈਸ਼ਨ ਦੇ ਗਹਿਣੇ ਲਓ
UNIQUELY DESIGNED 22KT GOLD JEWELRY
WE SELL FOR LESS
ਤਾਜ਼ ਜਿਊਲਰਜ਼
22 ਕੈਰੇਟ ਸੋਨੇ ਦੀ ਜਿਊਲਰੀ ਦੇ ਨਵੇਂ ਨਵੇਂ ਡਿਜ਼ਾਈਨ
Ph:253-981-3071
10120 SE 260th St. Suite 110, Kent, WA 98030
Open: 7 Days Tuesday to Sunday 11am to 7pm, Mon 11am to 6pm
ਅਸੀਂ ਹਫਤੇ ਦੇ ਸੱਤੇ ਦਿਨ ਖੁੱਲਦੇ ਹਾਂ
ਮੰਗਲਵਾਰ ਤੋਂ ਐਤਵਾਰ ਸਵੇਰ 11ਵਜੇ ਤੋਂ ਸ਼ਾਮ 7 ਵਜੇ ਤੱਕ, ਸੋਮਵਾਰ ਸਵੇਰ 11 ਤੋਂ ਸ਼ਾਮ 6 ਵਜੇ ਤੱਕ

# ਪਾਕਿਸਤਾਨ ਦੀ ਅਪੀਲ ‘ਤੇ ਟਰੰਪ ਵੱਲੋਂ ਜੰਗਬੰਦੀ ਦਾ ਐਲਾਨ



ਵਾਸ਼ਿੰਗਟਨ:ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਦੇਰ ਰਾਤ ਈਰਾਨ ‘ਤੇ ਵਿਨਾਸ਼ਕਾਰੀ ਹਮਲੇ ਕਰਨ ਦੀਆਂ ਆਪਣੀਆਂ ਧਮਕੀਆਂ ਵਾਪਸ ਲੈ ਲਈਆਂ। ਅਮਰੀਕਾ ਅਤੇ ਈਰਾਨ ਦੋ ਹਫਤਿਆਂ ਦੀ ਜੰਗਬੰਦੀ ਲਈ ਸਹਿਮਤ ਹੋ ਗਏ ਹਨ, ਜਿਸ ਵਿੱਚ ਹਾਰਮੁਜ਼ ਜਲਮਾਰਗ ਨੂੰ ਮੁੜ ਖੋਲ੍ਹਣਾ ਵੀ ਸ਼ਾਮਲ ਹੈ।ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਇਜ਼ਰਾਈਲ ਇਸ ਜੰਗਬੰਦੀ ਦਾ ਸਮਰਥਨ ਕਰਦਾ ਹੈ, ਪਰ ਇਹ ਸਮਝੌਤਾ ਲਿਬਨਾਨ ਵਿੱਚ ਹਿਜ਼ਬੁੱਲ੍ਹਾ ਵਿਰੁੱਧ ਲੜਾਈ ‘ਤੇ ਲਾਗੂ ਨਹੀਂ ਹੁੰਦਾ।ਇਜ਼ਰਾਈਲ ਨੇ ਸ਼ਰਤ ਰੱਖੀ ਹੈ ਕਿ ਈਰਾਨ ਤੁਰੰਤ ਹਾਰਮੁਜ਼ ਜਲਮਾਰਗ ਖੋਲ੍ਹੇ ਅਤੇ ਹਮਲੇ ਬੰਦ ਕਰੇ। ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਅਨੁਸਾਰ, ਇਸ ਜੰਗਬੰਦੀ ਵਿੱਚ ਇਜ਼ਰਾਈਲ ਅਤੇ ਹਿਜ਼ਬੁੱਲ੍ਹਾ ਵਿਚਕਾਰ ਲੜਾਈ ਰੋਕਣ ਦੀ ਅਪੀਲ ਵੀ ਸ਼ਾਮਲ ਹੈ। ਇਸ ਪ੍ਰਕਿਰਿਆ ਦੌਰਾਨ ਈਰਾਨ ਦੀ 10-ਨੁਕਾਤੀ ਯੋਜਨਾ ਦੇ ਫਾਰਸੀ ਅਤੇ ਅੰਗਰੇਜ਼ੀ ਸੰਸਕਰਣਾਂ ਵਿੱਚ ਫਰਕ ਕਾਰਨ ਕੁਝ ਭੁਲੇਖਾ ਵੀ ਪੈਦਾ ਹੋਇਆ, ਜਿੱਥੇ ਫਾਰਸੀ ਸੰਸਕਰਣ ਵਿੱਚ ‘ਪ੍ਰਮਾਣੂ ਸੋਧ ਦੀ ਪ੍ਰਵਾਨਗੀ’ ਸ਼ਾਮਲ ਸੀ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਕਿਹਾ ਕਿ ਜਲਮਾਰਗ ਰਾਹੀਂ ਆਵਾਜਾਈ ਈਰਾਨੀ ਫੌਜੀ ਪ੍ਰਬੰਧਨ ਹੇਠ ਹੋਵੇਗੀ ਅਤੇ ਇਸ ਰਾਹੀਂ ਲੰਘਣ ਵਾਲੇ ਜਹਾਜ਼ਾਂ ਤੋਂ ਈਰਾਨ ਅਤੇ ਓਮਾਨ ਫੀਸ ਵਸੂਲਣਗੇ, ਜਿਸ ਦੀ ਵਰਤੋਂ ਈਰਾਨ ਆਪਣੇ ਮੁੜ ਨਿਰਮਾਣ ਲਈ ਕਰੇਗਾ।ਈਰਾਨ ਨੇ ਜੰਗ ਖਤਮ ਕਰਨ ਲਈ ਖੇਤਰ ਵਿੱਚੋਂ ਅਮਰੀਕੀ ਫੌਜਾਂ ਦੀ ਵਾਪਸੀ, ਪਾਬੰਦੀਆਂ ਹਟਾਉਣ ਅਤੇ ਫਰੀਜ਼ ਕੀਤੇ ਗਏ ਫੰਡਾਂ ਨੂੰ ਜਾਰੀ ਕਰਨ ਦੀ ਮੰਗ ਕੀਤੀ ਹੈ। ਟਰੰਪ ਨੇ ਦੱਸਿਆ ਕਿ ਉਨ੍ਹਾ ਨੇ ਜੰਗਬੰਦੀ ਦਾ ਫੈਸਲਾ ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਹਿਬਾਜ਼ ਸ਼ਰੀਫ ਅਤੇ ਫੌਜ ਮੁਖੀ ਜਨਰਲ ਆਸਿਮ ਮੁਨੀਰ ਨਾਲ ਗੱਲਬਾਤ ਤੋਂ ਬਾਅਦ ਲਿਆ।ਜੰਗਬੰਦੀ ਦੇ ਐਲਾਨ ਦੇ ਬਾਵਜੂਦ ਤਹਿਰਾਨ ਦੀਆਂ ਸੜਕਾਂ ‘ਤੇ ਸਰਕਾਰ ਪੱਖੀ ਪ੍ਰਦਰਸ਼ਨਕਾਰੀਆਂ ਨੇ ਅਮਰੀਕਾ ਅਤੇ ਇਜ਼ਰਾਈਲ ਵਿਰੁੱਧ ਨਾਅਰੇਬਾਜ਼ੀ ਕੀਤੀ। ਜੰਗ ਸ਼ੁਰੂ ਹੋਣ ਤੋਂ ਹੁਣ ਤੱਕ ਈਰਾਨ ਵਿੱਚ 1,900 ਤੋਂ ਵੱਧ ਅਤੇ ਲਿਬਨਾਨ ਵਿੱਚ 1,500 ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ, ਜਦਕਿ ਲੱਖਾਂ ਲੋਕ ਬੇਘਰ ਹੋਏ ਹਨ। ਪਾਕਿਸਤਾਨ ਨੇ ਬੁੱਧਵਾਰ ਅਮਰੀਕਾ ਅਤੇ ਈਰਾਨ ਨੂੰ ਸ਼ੁੱਕਰਵਾਰ ਨੂੰ ਇਸਲਾਮਾਬਾਦ ਵਿੱਚ ਗੱਲਬਾਤ ਲਈ ਸੱਦਾ ਦਿੱਤਾ ਹੈ। ਇਸ ਦੌਰਾਨ ਸੂਤਰਾਂ ਅਨੁਸਾਰ ਚੀਨ, ਜੋ ਕਿ ਈਰਾਨ ਦਾ ਸਭ ਤੋਂ ਵੱਡਾ ਵਪਾਰਕ ਭਾਈਵਾਲ ਹੈ, ਨੇ ਅਮਰੀਕਾ ਨਾਲ ਜੰਗ ਵਿੱਚ ਜੰਗਬੰਦੀ ਦਾ ਰਸਤਾ ਲੱਭਣ ਲਈ ਈਰਾਨੀਆਂ ਨਾਲ ਗੱਲਬਾਤ ਕੀਤੀ।

# ਨੇਤਨਯਾਹੂ ਨੂੰ ਲੇਬਨਾਨ ਵਿੱਚ ਕਾਰਵਾਈਆਂ ਘਟਾਉਣ ਲਈ ਕਿਹਾ:ਟਰੰਪ

ਵਾਸ਼ਿੰਗਟਨ:-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੂੰ ਆਉਣ ਵਾਲੀਆਂ ਗੱਲਬਾਤਾਂ ਦੀ ਸਫਲਤਾ ਨੂੰ ਯਕੀਨੀ ਬਣਾਉਣ ਵਿੱਚ ਮਦਦ ਕਰਨ ਲਈ ਹਮਲਿਆਂ ਨੂੰ ਵਾਪਸ ਲੈਣ ਲਈ ਕਿਹਾ, ਇੱਕ ਸੀਨੀਅਰ ਪ੍ਰਸ਼ਾਸਨਿਕ ਅਧਿਕਾਰੀ ਨੇ ਐਨਬੀਸੀ ਨਿਊਜ਼ ਨੂੰ ਦੱਸਿਆ ਹੈ।ਟਰੰਪ ਨੇ ਐਨਬੀਸੀ ਨਿਊਜ਼ ਨਾਲ ਇੱਕ ਇੰਟਰਵਿਊ ਵਿੱਚ ਉਸ ਗੱਲਬਾਤ ਦੀ ਪੁਸ਼ਟੀ ਕੀਤੀ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਇਜ਼ਰਾਈਲੀ ਲੇਬਨਾਨ ਵਿੱਚ ਕਾਰਵਾਈਆਂ ਨੂੰ “ਘਟਾ ਰਹੇ ਹਨ।“ਮੈਂ (ਨੇਤਨਯਾਹੂ) ਨਾਲ ਗੱਲ ਕੀਤੀ ਹੈ ਅਤੇ ਉਹ ਇਸਨੂੰ ਸਾਦੇ ਢੰਗ ਨਾਲ ਕਰਨ ਜਾ ਰਹੇ ਹਨ। ਮੈਨੂੰ ਲੱਗਦਾ ਹੈ ਕਿ ਸਾਨੂੰ ਥੋੜ੍ਹਾ ਹੋਰ ਸਾਦੇ ਢੰਗ ਨਾਲ ਰਹਿਣਾ ਪਵੇਗਾ,” ਟਰੰਪ ਨੇ ਕਿਹਾ ਹੈ।ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਕਿਹਾ ਕਿ ਉਨ੍ਹਾਂ ਨੇ ਬੇਰੂਤ ਤੋਂ ਕੀਤੀਆਂ ਗਈਆਂ ਬੇਨਤੀਆਂ ਤੋਂ ਬਾਅਦ “ਜਿੰਨੀ ਜਲਦੀ ਹੋ ਸਕੇ” ਲੇਬਨਾਨ ਨਾਲ ਸਿੱਧੀ ਗੱਲਬਾਤ ਸ਼ੁਰੂ ਕਰਨ ਦਾ ਨਿਰਦੇਸ਼ ਜਾਰੀ ਕੀਤਾ ਹੈ।

(ਮੁੱਖ ਪੰਨੇ ਦੀ ਬਾਕੀ) ਗੈਰ ਕਨੂੰਨੀ ਹੈ ਸਾਡੀ ਕੌਮ ਨੂੰ ਵੱਡੇ ਜੁਰਮਾਨੇ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਪਾਣੀ ਦੀਆਂ ਬੋਤਲਾਂ ਖਾਲੀ ਕਰ ਕੇ ਰੀਸਾਈਕਲ ਕਰੋ।ਗੰਨੇ ਦਾ ਰਸ ਪਿਆਉਣ ਵਾਲੇ ਗਾਰਬੇਜ਼ ਬੈਗ ਬਹੁਤ ਭਾਰੀ ਕਰ ਦਿੰਦੇ ਹਨ ਜੋ ਚੁੱਕਣੇ ਔਖੇ ਹਨ ਸੋ ਜਿਆਦਾ ਬੈਗ ਵਰਤੋ ਅਤੇ ਘੱਟ ਵਜ਼ਨੀ ਰੱਖੋ ਤਾਂ ਕਿ ਵਲੰਟਰੀਅਰਾਂ ਨੂੰ ਚੁੱਕਣ ਵਿੱਚ ਅਸਾਨੀ ਹੋਵੇ।ਭਾਈ ਗਿਆਨ ਸਿੰਘ ਗਿੱਲ ਨੇ ਬੇਨਤੀ ਕੀਤੀ ਕਿ ਨਗਰ ਕੀਰਤਨ ਦੌਰਾਨ ਬਹੁਤ ਮੰਗਤੇ ਹੁੰਦੇ ਹਨ ਉਨ੍ਹਾਂ ਨੂੰ ਡਾਲਰ ਨਾ ਦਿਉ। ਕਈ ਵਾਰੀ ਇਹ ਲੋਕ ਤੁਹਾਡੇ ਵੱਲੋਂ ਦਿੱਤੇ ਡਾਲਰ ਗਲਤ ਥਾਂ ਤੇ ਵਰਤਦੇ ਹਨ।।ਉਨ੍ਹਾਂ ਪਿੰਗਲਵਾੜਾ ਸੁਸਾਇਟੀ ਨੂੰ ਵੀ ਬੇਨਤੀ ਕੀਤੀ ਕਿ ਉਹ ਦੋ ਚਾਰ ਜਗ੍ਹਾ ਤੇ ਆਪਣੇ ਟੈਂਟ ਲਾ ਲੈਣ ਜਦੋਂ ਉਹ ਸੰਗਤਾਂ ਵਿੱਚ ਮੰਗਦੇ ਫਿਰਦੇ ਹਨ ਤਾਂ ਸਾਨੂੰ ਹੋਰ ਲੋਕਾਂ ਨੂੰ ਮਨ੍ਹਾ ਕਰਨਾ ਔਖਾ ਹੋ ਜਾਂਦਾ ਹੈ।ਇਸ ਸਮੇਂ ਭੁਪਿੰਦਰ ਸਿੰਘ ਸੰਧੂ, ਜਥੇਦਾਰ ਸਤਿੰਦਰ ਪਾਲ ਸਿੰਘ, ਰਾਮਪਾਲ ਸਿੰਘ ਢਡਵਾਲ,ਬਲਬੀਰ ਸਿੰਘ, ਸੋਨੀ ਝਾਵਰ, ਬਲਵੰਤ ਸਿੰਘ ਬਾਸੀ, ਪਰਉਪਕਾਰ ਸਿੰਘ ਦੁਲੇਅ, ਸੁਰਜੀਤ ਸਿੰਘ ਨੱਤ ਵੀ ਹਾਜ਼ਰ ਸਨ।

# ਗੁਰਦੁਆਰਾ ਸਾਹਿਬ ਦਸ਼ਮੇਸ਼ ਦਰਬਾਰ ਸਰੀ ਵੱਲੋਂ ਸਾਲਾਨਾ ਨਗਰ ਕੀਰਤਨ 18 ਅਪ੍ਰੈਲ ਦਿਨ ਸ਼ਨਿਚਰਵਾਰ ਨੂੰ

ਸਰੀ:ਗੁਰਦੁਆਰਾ ਸਾਹਿਬ ਦਸ਼ਮੇਰ ਦਰਬਾਰ ਸਰੀ ਵੱਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਸਾਲਾਨਾ ਨਗਰ ਕੀਰਤਨ 18 ਅਪ੍ਰੈਲ ਦਿਨ ਸ਼ਨਿਚਰਵਾਰ ਨੂੰ ਹੋ ਰਹੇ ਹਨ।12 ਅਪ੍ਰੈਲ ਨੂੰ ਦਿਨ ਐਤਵਾਰ ਸਵੇਰੇ 9.30 ਵਜੇ ਨਿਸ਼ਾਨ ਸਾਹਿਬ ਦੀ ਸੇਵਾ ਹੋਵੇਗੀ।19 ਅਪ੍ਰੈਲ ਦਿਨ ਐਤਵਾਰ ਸਵੇਰੇ 4.30 ਵਜੇ ਅੰਮ੍ਰਿਤ ਸੰਚਾਰ ਹੋਵੇਗਾ।ਵਧੇਰੇ ਜਾਣਕਾਰੀ ਲਈ ਇਸ਼ਤਿਹਾਰ ਸਫਾ ਬੀ 8-9 ਤੇ ਪੜ੍ਹੋ।


TUKWILA DENTAL CENTER

NEW PATIENTS & EMERGENCIES WELCOME
GENERAL DENTISTRY FOR ALL AGES

*A Caring Team for You & Your Family*
Most Crowns and Bridges are made same day with our CAD/CAM System

- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS, ABRAAM ABRAMOV LD, MUKTA SINGH DDS, TANVEER S BUTTAR DDS

| Hours : | | |
|---|---|---|
| | Monday | 9AM - 6PM |
| | Tuesday | 9AM - 6PM |
| | Wednesday | 9AM - 6PM |
| | Thursday | 9AM - 6PM |
| | Friday | 8AM - 4PM |

*(Fellow & Master Academy of General Dentistry)*

DENTAL LAB ON PREMISES

13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860



Complete Dental Care

New & Emergency Patients Welcome

-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ

Dr. Manpreet Dhaliwal
Dr. Navdeep Dhaliwal
Dr. Donald Hainer

Complete DENTAL CARE

Ph: 253-854-2714
SUITE #1, 10725 SE 256TH ST, KENT, WA

ੴ ਸਤਿਗੁਰ ਪ੍ਰਸਾਦਿ॥

# ਗੁਰੂ ਨਾਨਕ ਗੁਰਸਿੱਖ ਗੁਰਦੁਆਰਾ ਸਾਹਿਬ ਜੀ, ਲਿੰਡਨ (ਬੈਲਿੰਗਹੈਮ)

176 E Pole Road / 6934 Merindian St Lynden, WA. 98264 (Bellingham)



## ਖ਼ਾਲਸਾ ਸਾਜਨਾ ਦਿਵਸ ਅਤੇ ਵੈਸਾਖੀ ਨੂੰ ਸਮਰਪਿਤ

## ਸਲਾਨਾ ਨਗਰ ਕੀਰਤਨ 25 ਅਪ੍ਰੈਲ 2026

**ਸਰਬੱਤ ਸੰਗਤਾਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ**

ਗੁਰਦੁਆਰਾ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ 23 ਅਪ੍ਰੈਲ ਤੋਂ 26 ਅਪ੍ਰੈਲ ਤੱਕ ਕਰਵਾਏ ਜਾ ਰਹੇ ਹਨ। ਸਮੂਹ ਸੇਵਾਦਾਰ ਵੀਰ ਭੈਣਾਂ ਵੱਲੋਂ ਨਿਮਰਤਾ ਸਹਿਤ ਬੇਨਤੀ ਹੈ ਕਿ ਕੈਨੇਡਾ, ਅਮਰੀਕਾ ਅਤੇ ਇਲਾਕੇ ਦੀਆਂ ਸਭ ਸੰਗਤਾਂ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।

## ਪ੍ਰੋਗਰਾਮਾਂ ਦਾ ਵੇਰਵਾ

23ਅਪ੍ਰੈਲ ਦਿਨ ਵੀਰਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ
25 ਅਪ੍ਰੈਲ ਦਿਨ ਸ਼ਨਿੱਚਰਵਾਰ ਨੂੰ ਸਵੇਰੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।

**23 ਤੋਂ 25 ਤਰੀਕ ਤੱਕ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਾਏ ਜਾਣਗੇ।**
ਜਿਸ ਵਿੱਚ ਆਏ ਹੋਏ ਜਥਿਆਂ ਵੱਲੋਂ ਗੁਰ ਇਤਿਹਾਸ, ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।


ਪੰਥ ਦੇ ਪ੍ਰਸਿੱਧ ਰਾਗੀ
ਭਾਈ ਮਨਿੰਦਰ ਸਿੰਘ ਜੀ (ਸ੍ਰੀ ਨਗਰ ਵਾਲੇ)


ਹਜ਼ੂਰੀ ਰਾਗੀ ਜੱਥਾ
ਭਾਈ ਕੁਲਦੀਪ ਸਿੰਘ ਜੀ ਮੋਗੇ ਵਾਲੇ


ਕਥਾ ਵਾਚਕ
ਭਾਈ ਰਾਜਵੀਰ ਸਿੰਘ ਜੀ


ਪੰਥ ਪ੍ਰਸਿੱਧ ਢਾਡੀ ਜੱਥਾ
ਗਿ: ਸੰਦੀਪ ਸਿੰਘ ਲੁਹਾਰਾ

**ਅੰਮ੍ਰਿਤ ਸੰਚਾਰ** 26 ਅਪ੍ਰੈਲ 2026 ਦੁਪਹਿਰ 2:00 ਵਜੇ

**19 ਅਪ੍ਰੈਲ ਨੂੰ, ਸੇਵਾ ਨਿਸ਼ਾਨ ਸਾਹਿਬ ਦਿਨੇ 12 ਵਜੇ**
ਖਾਲਸਾ ਪੰਜਾਬੀ ਸਕੂਲ ਦੇ ਬੱਚਿਆਂ ਵੱਲੋਂ ਗਤਕੇ ਦੇ ਜੌਹਰ ਦਿਖਾਏ ਜਾਣਗੇ।

26 ਅਪ੍ਰੈਲ ਦਿਨ ਐਤਵਾਰ ਨੂੰ ਸਵੇਰੇ ਗੁਰਮਤਿ ਸਮਾਗਮ ਸਜਾਏ ਜਾਣਗੇ,
ਲੰਗਰਾਂ ਦੀ ਸੇਵਾ ਸਮੂਹ ਸਾਧ-ਸੰਗਤਾਂ ਵੱਲੋਂ ਹੋਵੇਗੀ।



**ਮੁੱਖ ਸੇਵਾਦਾਰ: ਸ੍ਰ: ਪਰਮਜੀਤ ਸਿੰਘ ਕੁਲਾਰ: 360- 733-6444 ਹੈੱਡ ਗ੍ਰੰਥੀ ਗਿ: ਹਰੀ ਸਿੰਘ ਜੀ 360-398-1184**

# ਔਰਤ ਮਹੀਨੇ ’ਚ 3 ਦਿਨ ‘ਅਛੂਤ’ ਕਿਵੇਂ ਹੋ ਸਕਦੀ ਹੈ?:ਜਸਟਿਸ ਨਾਗਰਤਨਾ

ਨਵੀਂ ਦਿੱਲੀ: ਸੁਪਰੀਮ ਕੋਰਟ ਦੇ ਨੌਂ ਜੱਜਾਂ ਦੇ ਸੰਵਿਧਾਨਕ ਬੈਂਚ ਨੇ ਮਾਮਲੇ ਦੇ ਪਹਿਲੇ ਦਿਨ ਪੰਜ ਘੰਟੇ ਸੁਣਵਾਈ ਕੀਤੀ ਕਿ ਕੀ ਸਬਰੀਮਾਲਾ ਮੰਦਰ ਵਿਚ ਔਰਤਾਂ ਦੇ ਪ੍ਰਵੇਸ਼ ਦੀ ਆਗਿਆ ਦੇਣ ਵਾਲੇ ਹੁਕਮ ਨੂੰ ਜਾਰੀ ਰੱਖਣਾ ਚਾਹੀਦਾ ਹੈ। ਕੇਂਦਰ ਸਰਕਾਰ ਨੇ ਸ਼ੁਰੂ ਵਿਚ ਸੁਪਰੀਮ ਕੋਰਟ ਦੇ ਮਾਹਵਾਰੀ ਦੀ ਉਮਰ ਦੀਆਂ ਔਰਤਾਂ ਨੂੰ ਸਬਰੀਮਾਲਾ ਮੰਦਰ ਵਿਚ ਪ੍ਰਵੇਸ਼ ਕਰਨ ਦੀ ਆਗਿਆ ਦੇਣ ਦੇ ਫੈਸਲੇ ਦਾ ਸਮਰਥਨ ਕੀਤਾ ਸੀ।ਜਸਟਿਸ ਬੀ.ਵੀ. ਨਾਗਰਤਨਾ ਨੇ ਕਿਹਾ, ‘‘ਮੈਨੂੰ ਸਮਝ ਨਹੀਂ ਆ ਰਿਹਾ ਕਿ ਇਸ ਮਾਮਲੇ ਵਿਚ ਛੂਤ-ਛਾਤ ਦੇ ਵਿਰੁਧ ਅਧਿਕਾਰ, ਧਾਰਾ 17 ’ਤੇ ਕਿਵੇਂ ਬਹਿਸ ਕਰਨੀ ਹੈ। ਇਕ ਔਰਤ ਹੋਣ ਦੇ ਨਾਤੇ, ਮੈਂ ਇਹ ਕਹਿਣਾ ਚਾਹਾਂਗੀ ਕਿ ਇਹ ਅਸੰਭਵ ਹੈ ਕਿ ਔਰਤਾਂ ਨੂੰ ਹਰ ਮਹੀਨੇ ਤਿੰਨ ਦਿਨ ਅਛੂਤ ਮੰਨਿਆ ਜਾਵੇ ਅਤੇ ਫਿਰ ਅਚਾਨਕ ਚੌਥੇ ਦਿਨ ਕੋਈ ਛੂਤ-ਛਾਤ ਨਹੀਂ ਹੁੰਦੀ।’’ਅਦਾਲਤ ਦਾ ਇਹ ਨਿਰੀਖਣ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਦੇ 2018 ਦੇ ਸਬਰੀਮਾਲਾ ਫੈਸਲੇ ਤੋਂ ਬਾਅਦ ਆਇਆ, ਜਿਸ ਵਿਚ ਕਿਹਾ ਗਿਆ ਸੀ ਕਿ 10 ਤੋਂ 50 ਸਾਲ ਦੀ ਉਮਰ ਦੀਆਂ ਔਰਤਾਂ ਨੂੰ ਮੰਦਰ ਵਿਚ ਦਾਖ਼ਲ ਹੋਣ ਤੋਂ ਰੋਕਣਾ ਸੰਵਿਧਾਨ ਦੀ ਧਾਰਾ 17 ਤਹਿਤ ਛੂਤ-ਛਾਤ ਹੈ। ਸੁਪਰੀਮ ਕੋਰਟ ਵਿਚ ਕੇਂਦਰ ਸਰਕਾਰ ਨੇ ਸਬਰੀਮਾਲਾ ਮੰਦਰ ਅੰਦਰ ਔਰਤਾਂ ਦੇ ਦਾਖ਼ਲੇ ’ਤੇ ਪਾਬੰਦੀ ਦਾ ਸਮਰਥਨ ਕੀਤਾ ਹੈ।


ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ
ਲੇਟੈਸਟ ਡਿਜਾਈਨਾਂ ਵਿਚ ਲਵੋ

ਹਰੇਕ ਤਰ੍ਹਾਂ ਦੇ ਨਗ ਸਰਟੀਫਾਈਡ ਮਿਲਦੇ ਹਨ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

Naman Dhawan
856-325-9919, 253-277-3854

Vijay Dhawan
253-656-2666

25416 104th Ave SE, Kent, WA 98030, USA
www.vijayjewellersseattle.com vijayjewellersinc@gmail.com

# ਜੂਨ 1985 ਵਿੱਚ ਭਾਰਤ ਦੀ ‘ਰਾਅ’ ਨੇ ਏਅਰ ਇੰਡੀਆ ਜਹਾਜ਼ ਨੂੰ ਸੁੱਟਣ ਦੀ ਰਚੀ ਸੀ ਸਾਜ਼ਿਸ਼:ਸੀ.ਆਈ.ਏ

ਵਾਸ਼ਿੰਗਟਨ:ਸੀਆਈਏ ਦੇ ਇੱਕ ਸਾਬਕਾ ਸੀਨੀਅਰ ਅੱਤਵਾਦ ਵਿਰੋਧੀ ਅਧਿਕਾਰੀ ਨੇ ਜਨਤਕ ਤੌਰ ‘ਤੇ ਭਾਰਤ ਸਰਕਾਰ ‘ਤੇ 1985 ਵਿੱਚ ਏਅਰ ਇੰਡੀਆ ਫਲਾਈਟ 182 ‘ਤੇ ਹੋਏ ਬੰਬ ਧਮਾਕੇ ਦੀ ਸਾਜ਼ਿਸ਼ ਰਚਣ ਦਾ ਦੋਸ਼ ਲਗਾਇਆ ਹੈ। ਜੌਨ ਕਿਰੀਆਕੌ ਨੇ ‘ਦ ਕ੍ਰਿਸ ਹੇਜਸ ਰਿਪੋਰਟ’ ‘ਤੇ ਇੱਕ ਹਾਲੀਆ ਇੰਟਰਵਿਊ ਦੌਰਾਨ ਇਹ ਹੈਰਾਨ ਕਰਨ ਵਾਲਾ ਦਾਅਵਾ ਕੀਤਾ। ਕਨਿਸ਼ਕ ਨਾਮਕ ਬੋਇੰਗ 747 ‘ਤੇ ਬੰਬਾਰੀ ਇਤਿਹਾਸ ਵਿੱਚ ਹਵਾਬਾਜ਼ੀ ਅੱਤਵਾਦ ਦੇ ਸਭ ਤੋਂ ਘਾਤਕ ਕੰਮਾਂ ਵਿੱਚੋਂ ਇੱਕ ਹੈ। 23 ਜੂਨ 1985 ਨੂੰ ਆਇਰਲੈਂਡ ਦੇ ਤੱਟ ਤੋਂ ਦੂਰ ਐਟਲਾਂਟਿਕ ਮਹਾਂਸਾਗਰ ਦੇ ਵਿਚਕਾਰ ਹਵਾ ਵਿੱਚ ਇੱਕ ਬੰਬ ਫਟਣ ਨਾਲ ਸਾਰੇ 329 ਯਾਤਰੀ ਅਤੇ ਚਾਲਕ ਦਲ ਦੇ ਮੈਂਬਰ ਮਾਰੇ ਗਏ ਸਨ। ਪੀੜਤਾਂ ਵਿੱਚ 268 ਕੈਨੇਡੀਅਨ ਨਾਗਰਿਕ ਸਨ ਜਿਨ੍ਹਾਂ ਵਿੱਚੋਂ ਜ਼ਿਆਦਾਤਰ ਭਾਰਤੀ ਮੂਲ ਦੇ ਸਨ, 27 ਬ੍ਰਿਟਿਸ਼ ਨਾਗਰਿਕ ਅਤੇ 22 ਭਾਰਤੀ ਨਾਗਰਿਕ ਜਿਨ੍ਹਾਂ ਵਿੱਚ ਸਾਰੇ 22 ਚਾਲਕ ਦਲ ਦੇ ਮੈਂਬਰ ਸ਼ਾਮਲ ਸਨ। ਸਮੁੰਦਰ ਤੋਂ ਸਿਰਫ਼ 131 ਲਾਸ਼ਾਂ ਹੀ ਬਰਾਮਦ ਕੀਤੀਆਂ ਗਈਆਂ ਸਨ। ਕੱਕਪਿਟ ਤੋਂ ਕੋਈ ਸੰਕਟ ਕਾਲ ਜਾਰੀ ਕੀਤੇ ਬਿਨਾਂ ਜਹਾਜ਼ ਲਗਭਗ 31,000 ਫੁੱਟ ਦੀ ਉਚਾਈ ‘ਤੇ ਖਿੰਡ ਗਿਆ। ਤਸ਼ੱਦਦ ਪ੍ਰੋਗਰਾਮਾਂ ‘ਤੇ ਇੱਕ ਮਸ਼ਹੂਰ ਸੀਆਈਏ ਵ੍ਹਿਸਲਬਲੋਅਰ ਕਿਰੀਆਕੌ ਨੇ ਦਲੀਲ ਦਿੱਤੀ ਕਿ ਸੰਯੁਕਤ ਰਾਜ ਅਮਰੀਕਾ ਸਟੇਟ ਸਪਾਂਸਰ ਅੱਤਵਾਦ ਦਾ ਲੇਬਲ ਚੋਣਵੇਂ ਤੌਰ ‘ਤੇ ਡੰਘੀ ਜਾਂਚ ਤੋਂ ਬਾਅਦ ਲਾਗੂ ਕਰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਕੈਨੇਡਾ ਵਿੱਚ ਕਤਲਾਂ ਅਤੇ ਅੱਤਵਾਦੀ ਹਮਲਿਆਂ ਲਈ ਜ਼ਿੰਮੇਵਾਰ ਠਹਿਰਾਇਆ ਜਾ ਸਕਦਾ ਹੈ, ਜਿਸ ਵਿੱਚ ਇੱਕ 747 ਨੂੰ ਉਡਾਉਣਾ ਵੀ ਸ਼ਾਮਲ ਹੈ। ਸਾਬਕਾ ਅਧਿਕਾਰੀ ਨੇ ਅੱਗੇ ਕਿਹਾ ਕਿ ਇਹ ਭਾਰਤੀ ਏਜੰਟ ਸਨ ਜਿਨ੍ਹਾਂ ਨੇ ਕੈਨੇਡਾ ਵਿੱਚ 747 ਨੂੰ ਉਡਾਇਆ ਸੀ। ਉਨ੍ਹਾਂ ਦੀਆਂ ਟਿੱਪਣੀਆਂ ਅਪ੍ਰੈਲ 2026 ਦੇ ਸ਼ੁਰੂ ਵਿੱਚ ਸਾਹਮਣੇ ਆਈਆਂ ਅਤੇ ਤੇਜ਼ੀ ਨਾਲ ਸੋਸ਼ਲ ਮੀਡੀਆ ‘ਤੇ ਖਾਸ ਕਰਕੇ ਸਿੱਖ ਕਾਰਕੁਨ ਭਾਈਚਾਰਿਆਂ ਵਿੱਚ ਫੈਲ ਰਹੀਆਂ ਹਨ। ਉਨ੍ਹਾਂ ਨੇ ਕਨਿਸ਼ਕ ਬੰਬ ਧਮਾਕੇ ਦੇ ਆਲੇ ਦੁਆਲੇ ਲੰਬੇ ਸਮੇਂ ਤੋਂ ਚੱਲ ਰਹੀਆਂ ਸਾਜ਼ਿਸ਼ਾਂ ਨੂੰ ਮੁੜ ਸੁਰਜੀਤ ਕੀਤਾ ਹੈ। ਚੇਤੇ ਰਹੇ ਭਾਰਤ ਸਰਕਾਰ ਇਸ ਕਾਰੇ ਲਈ ਸਿੱਖਾਂ ਨੂੰ ਜ਼ੁੰਮੇਵਾਰ ਠਹਿਰਾਉਂਦੀ ਰਹੀ ਹੈ ਪਰ ਸਿੱਖ ਆਗੂ ਮੁੱਢ ਤੋਂ ਹੀ ਇਸ ਘਿਨਾਉਂਣੇ ਜੁਰਮ ਦੀ ਨਿੰਦਾ ਕਰਦੇ ਰਹੇ ਹਨ ਤੇ ਸਿੱਖ ਕੌਮ ਨੂੰ ਬਦਨਾਮ ਕਰਨ ਦੀ ਸ਼ਾਜਿਸ਼ ਕਹਿੰਦੇ ਰਹੇ ਹਨ। ਪਰ ਹੁਣ ਚਾਰ ਦਹਾਕਿਆਂ ਬਾਅਦ ਸਚਾਈ ਸਾਹਮਣੇ ਆ ਰਹੀ ਹੈ।



# ਨੇਤਨਯਾਹੂ ਵੱਲੋਂ ਲੈਬਨਾਨ ਨਾਲ ਸਿੱਧੀ ਗੱਲਬਾਤ ਦੀ ਮਨਜ਼ੂਰੀ

ਤਲਆਵੀਵ:-ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਵੀਰਵਾਰ ਨੂੰ ਐਲਾਨ ਕੀਤਾ ਹੈ ਕਿ ਉਨ੍ਹਾਂ ਨੇ ਲੈਬਨਾਨ ਨਾਲ ਜਿੰਨੀ ਜਲਦੀ ਹੋ ਸਕੇ ਸਿੱਧੀ ਗੱਲਬਾਤ ਸ਼ੁਰੂ ਕਰਨ ਦੀ ਇਜਾਜ਼ਤ ਦੇ ਦਿੱਤੀ ਹੈ। ਨੇਤਨਯਾਹੂ ਨੇ ਦੱਸਿਆ ਕਿ ਉਨ੍ਹਾਂ ਨੇ ਇਹ ਹੁਕਮ ਲੈਬਨਾਨ ਵੱਲੋਂ ਕੀਤੀਆਂ ਗਈਆਂ ਅਪੀਲਾਂ ਦੇ ਜਵਾਬ ਵਿੱਚ ਦਿੱਤੇ ਹਨ। ਉਨ੍ਹਾਂ ਅਨੁਸਾਰ, ਇਸ ਗੱਲਬਾਤ ਦਾ ਮੁੱਖ ਕੇਂਦਰ ਹਿਜ਼ਬੁੱਲਾ ਨੂੰ ਹਥਿਆਰ ਮੁਕਤ ਅਤੇ ਦੋਵਾਂ ਗੁਆਂਢੀ ਦੇਸ਼ਾਂ ਵਿਚਕਾਰ ਸ਼ਾਂਤੀਪੂਰਨ ਸਬੰਧ ਸਥਾਪਤ ਕਰਨਾ ਹੋਵੇਗਾ। ਇਰਾਨ ਨੇ ਅਮਰੀਕਾ ’ਤੇ ਜੰਗਬੰਦੀ ਦੀਆਂ ਤਿੰਨ ਮੁੱਖ ਸ਼ਰਤਾਂ ਦੀ ਉਲੰਘਣਾ ਕਰਨ ਦਾ ਗੰਭੀਰ ਦੋਸ਼ ਲਗਾਇਆ ਹੈ। ਇਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਕਿਰ ਗਾਲੀਬਾਫ ਨੇ ਕਿਹਾ ਹੈ ਕਿ ਅਮਰੀਕਾ ਨੇ 10-ਨੁਕਾਤੀ ਪ੍ਰਸਤਾਵ ਦੀਆਂ ਬੁਨਿਆਦੀ ਸ਼ਰਤਾਂ ਨੂੰ ਮੰਨਣ ਤੋਂ ਇਨਕਾਰ ਕਰ ਦਿੱਤਾ ਹੈ। ਇਰਾਨ ਨੇ ਸਾਫ਼ ਲਫ਼ਜ਼ਾਂ ਵਿੱਚ ਕਿਹਾ ਹੈ ਕਿ ਜਿਸ ਬੁਨਿਆਦ ’ਤੇ ਗੱਲਬਾਤ ਸ਼ੁਰੂ ਹੋਣੀ ਸੀ, ਉਹ ਹੁਣ ਖ਼ਤਮ ਹੋ ਚੁੱਕੀ ਹੈ, ਜਿਸ ਕਾਰਨ ਅੱਗੇ ਦੀ ਗੱਲਬਾਤ ਜਾਂ ਜੰਗਬੰਦੀ ਦੀ ਹੁਣ ਕੋਈ ਤੁਕ ਨਹੀਂ ਰਹਿ ਜਾਂਦੀ। ਇਸ ਦੇ ਉਲਟ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜਦੋਂ ਤੱਕ ਇਰਾਨ ਨਾਲ ਹੋਇਆ ਸਮਝੌਤਾ ਪੂਰੀ ਤਰ੍ਹਾਂ ਅਮਲ ਵਿੱਚ ਨਹੀਂ ਆਉਂਦਾ, ਉਦੋਂ ਤੱਕ ਅਮਰੀਕੀ ਫੌਜ ਇਰਾਨ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਤਾਇਨਾਤ ਰਹੇਗੀ।


**ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ 604-590-5200**



**MORTGAGE**
**Purchase-Refinance-Renewal**
SPECIAL RATES - INSURED
**3.89%***
**5 Years Fixed**
First Time Buyers - Cash Back upto $4,000*
*Limited Time Offer. Conditions Apply
Bank upon our 30 Years of Banking Experience
Bank of Montreal
Surrey & Abbotsford
UCO Bank
London UK, Moga, Alamgir


Raj Gill, AMP
VANCOUVER
Unit 200-6330 Fraser St
E: airraj@shaw.ca
Ph.: 604 564 1000
Our Symbol of Care & Service
Superior Mortgage
The Banking Alternative
www.QUICKAPPROVAL.ca
Sharnjit S Gill, AMP
SURREY
Unit 244 8138 128 St,
E: sharnjitgill@shaw.ca
Ph.: 604 507 1000



ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ
#1 Services On Your Special Events
SARDAR JI CATERING
**SARDAR JI CATERING**
Website:www.sardarjicatering.com

ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ
- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons
*No matter the Event *Count on us * Available for all occasions
ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ
For Catering Enquiries Contact: Off:206-517-4444, Cell:206-771-5079
6417 Roosevelt Way NE #105, Seattle WA 98115 Email:sardarjicatering@gmail.com

# ਗੁਰੂ ਦੇ ਸਿੱਖ' ਤੋਂ 'ਅਕਾਲ ਪੁਰਖ ਦੇ ਖ਼ਾਲਸੇ' ਤੱਕ ਦਾ ਸਫ਼ਰ
# ਕੈਨੇਡਾ ਵਿੱਚ ਅਪ੍ਰੈਲ ਨੂੰ 'ਸਿੱਖ ਵਿਰਾਸਤੀ ਮਹੀਨੇ' ਵਜੋਂ ਮਾਨਤਾ

ਕੈਨੇਡਾ ਵਿੱਚ ਅਪ੍ਰੈਲ ਨੂੰ 'ਸਿੱਖ ਵਿਰਾਸਤੀ ਮਹੀਨੇ' ਵਜੋਂ ਮਾਨਤਾ ਦਿੱਤੀ ਗਈ ਹੈ। ਇਹ ਖੁਸ਼ੀ ਅਤੇ ਮਾਣ ਵਾਲੀ ਗੱਲ ਹੈ ਕਿ ਅਪ੍ਰੈਲ ਮਹੀਨੇ ਦੌਰਾਨ ਸਿੱਖ ਵਿਸ਼ੇਸ਼ ਕਰ ਕੇ ਆਪਣੇ ਵਿਰਸੇ, ਇਤਿਹਾਸ, ਸੱਭਿਆਚਾਰ ਅਤੇ ਪ੍ਰਾਪਤੀਆਂ ਬਾਰੇ ਵੱਧ ਤੋਂ ਵੱਧ ਜਾਣਕਾਰੀ ਦੇ ਸਕਦੇ ਹਨ। ਵਾਸਤਵ ਵਿੱਚ ਖਾਲਸਾ ਦਿਹਾੜਾ ਅਪ੍ਰੈਲ ਵਿੱਚ ਆਉਣ ਕਾਰਨ, ਇਹ ਮਹੀਨਾ 'ਸਿੱਖ ਹੈਰੀਟੇਜ ਮਹੀਨੇ' ਵਜੋਂ ਐਲਾਨਿਆ ਗਿਆ ਹੈ। ਇਤਿਹਾਸਿਕ ਤੌਰ ਤੇ ਵਿਚਾਰਿਆ ਜਾਏ ਤਾਂ ਖਾਲਸਾ ਦਿਹਾੜਾ ਸਿੱਖੀ ਦਾ ਉਹ ਮਹਾਨ ਇਤਿਹਾਸਕ ਦਿਹਾੜਾ ਹੈ, ਜਦੋਂ ਦਸਵੇਂ ਗੁਰੂ ਨਾਨਕ ਸਾਹਿਬ, ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਨੂੰ ਇੱਕੋ ਬਾਟੇ ਵਿੱਚ ਅੰਮ੍ਰਿਤ ਛਕਾਇਆ ਅਤੇ ਅਤੇ ਗੁਰੂ ਦੇ ਖਾਲਸੇ ਨੂੰ 'ਅਕਾਲ ਪੁਰਖ ਦਾ ਖਾਲਸਾ' ਕਰਾਰ ਦਿੱਤਾ। 'ਸ਼ਬਦ' ਗੁਰੂ 'ਸੁਰਤ' ਚੇਲਾ, ਕਿਰਤ ਕਰਨਾ, ਵੰਡ ਛਕਣਾ, ਨਾਮ ਜਪਣਾ, ਜੁਲਮ ਖਿਲਾਫ ਡਟਣਾ, ਸੱਚ ਤੇ ਪਹਿਰਾ ਦੇਣਾ, ਜਾਤ-ਪਾਤ, ਰੰਗ-ਨਸਲ ਵੰਸ਼-ਕੁਲ ਆਦਿ ਜਿਹੇ ਵਿਤਕਰਿਆਂ ਦੇ ਨੂੰ ਖਤਮ ਕਰਨਾ ਆਦਿ ਮਹਾਨ ਕਾਰਜਾਂ ਦਾ ਮੁੱਢ, ਸਿੱਖੀ ਦਾ ਬੂਟਾ ਲਾਉਂਦਿਆਂ ਗੁਰੂ ਨਾਨਕ ਸਾਹਿਬ ਨੇ ਬੰਨ ਦਿੱਤਾ ਸੀ, ਜਿਸ ਨੂੰ 9 ਗੁਰੂ ਸਾਹਿਬਾਨਾਂ ਨੇ ਪਰਚਾਰਿਆ ਅਤੇ ਪ੍ਰਸਾਰਿਆ।

ਦਰਅਸਲ ਵਿਸਾਖੀ ਭਾਵ ਪਹਿਲੀ ਵਿਸਾਖ ਦੇ ਇਤਿਹਾਸਿਕ ਪ੍ਰਸੰਗ ਗੁਰੂ ਨਾਨਕ ਸਾਹਿਬ ਦੇ ਆਗਮਨ ਪੁਰਬ ਅਤੇ ਖਾਲਸਾ ਦਿਹਾੜੇ ਦੋਹਾਂ ਨੂੰ ਸਮਰਪਿਤ ਹਨ। 'ਖ਼ਾਲਸਾ' ਦਿਹਾੜੇ ਦੇ ਨਾਲ-ਨਾਲ ਇਸ ਮੁਬਾਰਕ ਦਿਹਾੜੇ ਨੂੰ ਗੁਰੂ ਨਾਨਕ ਸਾਹਿਬ ਦੇ 'ਪ੍ਰਕਾਸ਼ ਦਿਹਾੜੇ' ਵਜੋਂ ਮਾਨਤਾ ਹੈ। ਗੁਰੂ ਗੋਬਿੰਦ ਸਿੰਘ ਜੀ ਨੇ ਪਹਿਲੀ ਵਿਸਾਖ 1699 ਨੂੰ ਖ਼ਾਲਸਾ ਦਿਹਾੜੇ ਵਜੋਂ ਤਾਂ ਹੀ ਚੁਣਿਆ ਸੀ, ਕਿਉਂਕਿ ਇਸ ਪਵਿੱਤਰ ਦਿਹਾੜੇ 'ਤੇ ਪਹਿਲੀ ਵਿਸਾਖ 1469 ਈਸਵੀ ਨੂੰ ਗੁਰੂ ਨਾਨਕ ਸਾਹਿਬ ਜੀ ਦਾ ਪ੍ਰਕਾਸ਼ ਹੋਇਆ ਸੀ। ਪੁਰਾਤਨ ਇਤਿਹਾਸਿਕ ਸਰੋਤਾਂ ਤੋਂ ਇਲਾਵਾ, ਇਸ ਦੀ ਵਧੇਰੇ ਜਾਣਕਾਰੀ ਕਰਮ ਸਿੰਘ ਹਿਸਟੋਰੀਅਨ ਦੀ ਕਿਤਾਬ 'ਕੱਤਕ ਕਿ ਵਿਸਾਖ' 'ਚੋਂ ਮਿਲਦੀ ਹੈ, ਜਦ ਕਿ ਤਕਰੀਬਨ ਸਾਰੀਆਂ ਹੀ ਪਾਠ-ਪੁਸਤਕਾਂ ਵਿੱਚ ਗੁਰੂ ਨਾਨਕ ਸਾਹਿਬ ਦਾ ਪ੍ਰਕਾਸ਼ ਦਿਹਾੜਾ ਪਹਿਲੀ ਵਿਸਾਖ 1469 ਨੂੰ ਹੀ ਮਿਲਦਾ ਹੈ, ਹਾਲਾਂ ਕਿ ਪ੍ਰਕਾਸ਼ ਦਿਹਾੜਾ ਮਨਾਉਣ ਦੀ ਪਰੰਪਰਾ ਕੱਤਕ ਦੀ ਪੂਰਨਮਾਸ਼ੀ ਨੂੰ ਪ੍ਰਚਲਿਤ ਹੈ। ਇਹ ਵੱਖਰੇ ਰੂਪ ਵਿੱਚ ਸੰਜੀਦਾ ਅਤੇ ਗਹਿਰੇ ਵਿਚਾਰ ਦਾ ਵਿਸ਼ਾ ਹੈ।

ਸਿੱਖੀ ਦੀ ਨੀਂਹ ਪਹਿਲੇ ਸਤਿਗੁਰੂ ਨਾਨਕ ਸਾਹਿਬ ਨੇ ਰੱਖਦਿਆਂ, ਨਿਰਮਲ ਪੰਥ ਚਲਾਇਆ, ਜਿਸ ਬਾਰੇ ਭਾਈ ਗੁਰਦਾਸ ਜੀ ਫੁਰਮਾਉਂਦੇ ਹਨ। ਸਿੱਖੀ ਨੂੰ ਦਸ ਗੁਰੂ ਸਾਹਿਬਾਨ ਦੇ ਰੂਪ ਵਿੱਚ ਫੈਲਾਉਂਦੇ ਹੋਇਆਂ, ਦਸਵੇਂ ਗੁਰੂ ਨਾਨਕ, ਗੁਰੂ ਗੋਬਿੰਦ ਸਿੰਘ ਜੀ ਨੇ 'ਹਰ ਸਿੱਖ ਨੂੰ ਅਕਾਲ ਪੁਰਖ ਦਾ ਖਾਲਸਾ' ਨਾਂ ਦਿੱਤਾ। 'ਸਿੱਖ' ਦਰਅਸਲ ਸੰਸਕ੍ਰਿਤ ਦਾ ਸ਼ਬਦ ਹੈ, ਜਿਸ ਦਾ ਮੂਲ ਰੂਪ 'ਸ਼ਿਸ਼' ਹੈ ਤੇ ਅਰਥ ਹੈ ਸਿੱਖਣ ਵਾਲਾ ਸ਼ਗਿਰਦ ਜਾਂ ਵਿਦਿਆਰਥੀ। ਪਰ ਚੇਤੇ ਰੱਖਣ ਵਾਲੀ ਗੱਲ ਇਹ ਹੈ ਕਿ ਸਿੱਖੀ ਦੇ ਖੇਤਰ ਵਿੱਚ ਸਿੱਖ ਸ਼ਬਦ ਦੇ ਅਰਥ 'ਸਨਾਤਨੀ ਮੱਤ' ਨਾਲੋਂ ਵੱਖਰੇ ਹਨ। ਸਿੱਖੀ ਅੰਦਰ 'ਸਿੱਖ' ਸ਼ਬਦ ਸਿਰਫ਼ ਸਿੱਖਣ ਵਾਲਾ ਸ਼ਾਗਿਰਦ ਨਾ ਰਹਿ ਕੇ, ਇਸ ਦਾ ਅਰਥ ਅਤੇ ਪ੍ਰਸੰਗ 'ਨਿਆਰਾ ਇਤਿਹਾਸ, ਬਿਰਤਾਂਤ ਅਤੇ ਸਿਧਾਂਤ' ਬਣ ਜਾਂਦਾ ਹੈ, ਜਿੱਥੇ ਸਿੱਖ ਮੁਕੰਮਲ ਸਮਰਪਤਿ ਸੁਰਤ ਵਾਲਾ ਜੁਗਿਆਸੂ ਹੋ ਨਿਬੜਦਾ ਹੈ।

ਇਸੇ ਤਰੀਕੇ ਨਾਲ ਸਧਾਰਨ ਰੂਪ ਵਿੱਚ 'ਗੁਰੂ' ਸ਼ਬਦ ਦਾ ਅਰਥ ਹੈ ਹਨੇਰਾ ਦੂਰ ਕਰਨ ਵਾਲਾ। ਆਮ ਕਰਕੇ ਅਧਿਆਪਕ ਜਾਂ ਉਸਤਾਦ ਨੂੰ ਗੁਰੂ ਕਿਹਾ ਜਾਂਦਾ ਹੈ, ਪਰ ਜਦੋਂ ਸਿੱਖੀ ਵਿੱਚ ਗੁਰੂ ਸ਼ਬਦ ਆਉਂਦਾ ਹੈ, ਤਾਂ ਇਸ ਦਾ ਅਰਥ 'ਸੁਰਤ ਦੀ ਅਗਵਾਈ ਕਰਨ ਵਾਲਾ ਸ਼ਬਦ' ਹੋ ਨਿਬੜਦਾ ਹੈ। ਇਉਂ ਹੀ ਦਸ ਗੁਰੂ ਸਾਹਿਬਾਨ, ਗੁਰਤਾ ਗੱਦੀ ਦੇ ਰੂਪ ਵਿੱਚ 'ਇਕ ਜੋਤ' ਅਤੇ ਮੌਜੂਦਾ ਸਮੇਂ ਗੁਰੂ ਗ੍ਰੰਥ ਸਾਹਿਬ ਸਾਡੀ ਅਗਵਾਈ 'ਗੁਰੂ' ਵਜੋਂ ਕਰਦੇ ਹਨ। ਇੱਥੇ 'ਗੁਰੂ' ਸ਼ਬਦ ਕੇਵਲ ਉਸਤਾਦ ਜਾਂ ਅਧਿਆਪਕ ਨਾ ਹੋ ਕੇ, ਅਧਿਆਤਮਕ ਪ੍ਰਸੰਗ ਵਿੱਚ ਜੀਵਨ ਸੇਧ ਦਾ ਕਰਤਾ-ਧਰਤਾ ਅਤੇ ਲੋਕ-ਪਰਲੋਕ ਵਿੱਚ ਰਖਵਾਲਾ ਬਣ ਜਾਂਦਾ ਹੈ। ਇਸੇ ਕਾਰਨ ਹੀ ਸਿੱਖੀ ਵਿੱਚ ਦਸ ਗੁਰੂ ਸਾਹਿਬਾਨ ਅਤੇ ਗੁਰੂ ਗ੍ਰੰਥ ਸਾਹਿਬ ਤੋਂ ਇਲਾਵਾ ਕਿਸੇ ਲਈ ਗੁਰੂ ਸ਼ਬਦ ਨਹੀਂ ਵਰਤਿਆ ਜਾਂਦਾ, ਜਦਕਿ ਹੋਰਨਾਂ ਰੂਹਾਨੀ ਸ਼ਖਸੀਅਤਾਂ ਲਈ ਭਗਤ, ਸੰਤ ਆਦਿ ਸ਼ਬਦ ਵਰਤਿਆ ਜਾਂਦਾ ਹੈ। ਇਹਨਾਂ ਵਿਲਖਣ ਸ਼ਬਦਾਂ ਨੂੰ ਰਲਗੱਡ ਕਰਨਾ ਠੀਕ ਨਹੀਂ।

'ਖ਼ਾਲਸਾ' ਸ਼ਬਦ ਮੂਲ ਰੂਪ ਵਿੱਚ ਫ਼ਾਰਸੀ ਦਾ ਹੈ, ਜਿਸਦਾ ਅਰਥ ਹੈ ਸਿੱਧਾ ਬਾਦਸ਼ਾਹ ਅਥਵਾ ਮਾਲਕ ਨੂੰ ਸਮਰਪਤ ਹੋਣਾ ਅਤੇ ਕਿਸੇ ਹੋਰ ਦੇ ਅਧੀਨ ਨਾ ਹੋਣਾ। ਇਸ ਸ਼ਬਦ ਦੇ ਅਰਥ ਸਿੱਖੀ ਵਿੱਚ, ਇਸਲਾਮਿਕ ਮੱਤ ਨਾਲੋਂ ਬਿਲਕੁਲ ਨਿਵੇਕਲੇ ਹੋ ਜਾਂਦੇ ਹਨ। ਇੱਥੇ ਖ਼ਾਲਸਾ ਇੱਕ ਪੰਥ ਹੈ ਤੇ ਅਕਾਲ ਪੁਰਖ ਨੂੰ ਸਮਰਪਿਤ ਹੈ, ਨਾ ਕਿ ਫਾਰਸੀ ਵਿੱਚੋਂ ਲਏ ਗਏ ਸ਼ਬਦ ਦੇ ਸੀਮਤ ਅਰਥਾਂ ਤੱਕ ਹੀ ਸੰਕੁਚਤ ਹੈ। ਸਿੱਖੀ ਦੀ ਆਰੰਭਤਾ ਪਹਿਲੇ ਪਾਤਸ਼ਾਹ ਗੁਰੂ ਨਾਨਕ ਸਾਹਿਬ ਨੇ ਕੀਤੀ ਅਤੇ ਸੰਗਤ ਅਤੇ ਧਰਮਸ਼ਾਲਾ ਦੇ ਰੂਪ ਵਿੱਚ ਇਸ ਦਾ ਫੈਲਾਓ ਹੁੰਦਾ ਗਿਆ।

ਤੀਜੇ ਗੁਰੂ ਨਾਨਕ, ਗੁਰੂ ਅਮਰਦਾਸ ਜੀ ਨੇ '22 ਮੰਜੀਆਂ' ਥਾਪੀਆਂ, ਜਿਹਨਾਂ ਵਿੱਚ ਸਿੱਖ ਆਦਮੀ ਅਤੇ ਬੀਬੀਆਂ ਸਨ। ਉਹਨਾਂ ਦੂਰ ਦੁਰਾਡੇ ਤੱਕ ਸਿੱਖੀ ਦਾ ਪ੍ਰਚਾਰ ਕੀਤਾ। ਚੌਥੇ ਗੁਰੂ ਨਾਨਕ, ਗੁਰੂ ਰਾਮਦਾਸ ਜੀ ਨੇ ਇਸ ਨੂੰ ਹੋਰ ਵਿਸਥਾਰ ਦਿੰਦਿਆਂ, 'ਮਸੰਦ' ਪ੍ਰਥਾ ਦਾ ਰੂਪ ਦਿੱਤਾ, ਭਾਵ ਉਹ ਗੱਦੀਦਾਰ ਜਿਹੜੇ ਸਿੰਘਾਸਨ ਤੋਂ ਹੇਠਵੇਂ ਹੋਣ ਅਰਥਾਤ ਗੁਰੂ ਸਾਹਿਬ ਦੇ ਅਧੀਨ ਅਤੇ ਹੁਕਮ ਅਨੁਸਾਰ, 'ਮਸੰਦ' ਸਿੱਖੀ ਦੀ ਪ੍ਰਚਾਰ ਦਾ ਮੁੱਖ ਕੇਂਦਰ ਬਣੇ ਅਤੇ ਸਿੱਖੀ ਦੇ ਫੈਲਾਓ 'ਚ ਵਡਮੁੱਲੀ ਸੇਵਾ ਨਿਭਾਈ। ਨੌਵੇਂ ਗੁਰੂ ਨਾਨਕ, ਗੁਰੂ ਤੇਗ ਬਹਾਦਰ ਜੀ ਤੱਕ ਇਹ ਪ੍ਰਥਾ ਚਲਦੀ ਰਹੀ।

ਇੱਥੇ ਜ਼ਿਕਰ ਯੋਗ ਹੈ ਕਿ ਛੇਵੇਂ ਗੁਰੂ ਨਾਨਕ, ਗੁਰੂ ਹਰਗੋਬਿੰਦ ਸਾਹਿਬ ਮੌਕੇ ਅਨੇਕਾਂ ਅਜਿਹੇ ਇਲਾਕੇ ਵੀ ਸਨ, ਜਿੱਥੇ ਕੋਈ ਮਸੰਦ ਨਹੀਂ ਸੀ, ਪਰ ਸਿੱਖ ਸੰਗਤ ਵਸਦੀ ਸੀ। ਉਹਨਾਂ ਦੇ ਵਾਸਤੇ ਗੁਰੂ ਹਰਗੋਬਿੰਦ ਸਾਹਿਬ ਨੇ ਆਪਣੇ ਹੁਕਮਨਾਮਿਆਂ ਵਿੱਚ ਸ਼ਬਦ 'ਖਾਲਸਾ' ਵਰਤਿਆ, ਅਰਥਾਤ ਉਥੋਂ ਦੀ ਸੰਗਤ ਸਿੱਧੀ ਗੁਰੂ ਨਾਲ ਜੁੜੀ ਹੋਈ ਹੈ ਤੇ ਕੋਈ ਮਸੰਦ ਭਾਵ ਵਿਚੋਲਾ ਨਹੀਂ ਹੈ। ਇਉ ਹੀ ਗੁਰੂ ਤੇਗ ਬਹਾਦਰ ਜੀ ਤੱਕ ਅਜਿਹੇ ਹੁਕਮਨਾਮੇ ਮਿਲਦੇ ਹਨ, ਜਿਨਾਂ ਦੇ ਵੇਰਵੇ ਸਿੱਖ ਵਿਦਵਾਨ ਇਤਿਹਾਸਕਾਰ ਡਾਕਟਰ ਗੰਡਾ ਸਿੰਘ ਅਤੇ ਡਾਕਟਰ ਸ਼ਮਸ਼ੇਰ ਸਿੰਘ ਅਸ਼ੋਕ ਦੀਆਂ ਕਿਤਾਬਾਂ ; 'ਹੁਕਮਨਾਮੇ ਗੁਰੂ ਸਾਹਿਬਾਨ, ਮਾਤਾ ਸਾਹਿਬਾਨ, ਬੰਦਾ ਸਿੰਘ ਅਤੇ ਖਾਲਸਾ ਜੀ ਦੇ' ਅਤੇ 'ਨੀਸਾਣ ਅਤੇ ਹੁਕਮਨਾਮੇ' ਵਿੱਚ ਦਰਜ ਹਨ।

ਗੁਰੂ ਗੋਬਿੰਦ ਸਿੰਘ ਜੀ ਦੇ ਸਮੇਂ ਮਸੰਦ ਪ੍ਰਥਾ ਦੇ ਸਬੰਧ ਵਿੱਚ ਇੰਕਸ਼ਾਫ ਹੋਣੇ ਆਰੰਭ ਹੋਏ ਕਿ ਬਹੁਤ ਸਾਰੇ ਇਲਾਕਿਆਂ ਦੇ ਮਸੰਦ ਕਿਰਦਾਰ ਤੋਂ ਗਿਰ ਚੁੱਕੇ ਸਨ ਅਤੇ ਭ੍ਰਿਸ਼ਟ ਹੋ ਚੁੱਕੇ ਸਨ। ਅਜਿਹੀ ਹਾਲਤ ਵਿੱਚ ਗੁਰੂ ਸਾਹਿਬ ਨੇ ਸੰਨ 1698 ਵਿੱਚ ਭਾਵ ਸੰਮਤ 1755 'ਚ ਸਾਰੇ ਮਸੰਦਾਂ ਨੂੰ ਤਲਬ ਕੀਤਾ। ਜਿਹਨਾਂ ਮਸੰਦਾਂ ਨੇ ਕਿਰਦਾਰ ਪੱਖੋ ਗਲਤੀਆਂ ਕੀਤੀਆਂ ਤੇ ਭ੍ਰਿਸ਼ਟਾਚਾਰ ਫੈਲਾਇਆ, ਉਹਨਾਂ ਨੂੰ ਸਜ਼ਾਵਾਂ ਦਿੱਤੀਆਂ ਅਤੇ ਜੋ ਚੰਗੀ ਸੇਵਾ ਕਰਦੇ ਸਨ, ਉਹਨਾਂ ਤੇ ਬਖਸ਼ਿਸ਼ਾਂ ਕੀਤੀਆਂ। ਅਜਿਹੇ ਮੌਕੇ ਗੁਰੂ ਸਾਹਿਬ ਨੇ ਸਮੁੱਚੇ ਤੌਰ 'ਤੇ 'ਮਸੰਦ ਪ੍ਰਥਾ ਨੂੰ ਖਤਮ' ਕਰਦਿਆਂ ਇਹ ਹੁਕਮ ਜਾਰੀ ਕੀਤਾ ਕਿ ਸਿੱਖ ਹੁਣ ਮਸੰਦਾਂ ਦੀ ਥਾਂ, ਸਿੱਧੇ ਰੂਪ ਵਿੱਚ 'ਗੁਰੂ ਦਾ ਖਾਲਸਾ' ਹਨ, ਭਾਵ ਸਿੱਖ ਅਤੇ ਗੁਰੂ ਦਰਮਿਆਨ ਹੁਣ ਕੋਈ ਵਿਚੋਲਾ ਨਹੀਂ ਹੋਵੇਗਾ।

ਇਉਂ 'ਖਾਲਸਾ' ਸ਼ਬਦ ਦਾ ਇਸਤੇਮਾਲ, ਹਰ ਉਸ ਸਿੱਖ ਲਈ ਹੋਣ ਲੱਗਿਆ, ਜਿਹੜਾ ਗੁਰੂ ਸਾਹਿਬ ਨੂੰ ਸਮਰਪਿਤ ਸੀ। ਪਹਿਲੀ ਵਿਸਾਖ ਸੰਮਤ 1756 ਸੰਨ 1699 (ਕੁਝ ਪੁਰਾਤਨ ਇਤਿਹਾਸਿਕ ਸਰੋਤਾਂ ਅਨੁਸਾਰ ਸੰਮਤ 1755 ਭਾਵ, ਸੰਨ 1698) ਨੂੰ ਗੁਰੂ ਸਾਹਿਬ ਨੇ ਅਨੰਦਪੁਰ ਸਾਹਿਬ ਵਿਖੇ ਕੌਤਕ ਵਰਤਾਉਂਦਿਆਂ, ਖੰਡੇ ਦਾ ਪਾਹੁਲ ਤਿਆਰ ਕੀਤਾ। ਉਹਨਾਂ ਪੰਜ ਸਿਰਾਂ ਦੀ ਮੰਗ ਕੀਤੀ ਅਤੇ ਸਮਰਪਿਤ ਪੰਜ ਸਿੱਖਾਂ ਨੇ ਗੁਰੂ ਸਾਹਿਬ ਨੂੰ ਸੀਸ ਭੇਟ ਕੀਤੇ। ਇਸ ਤਰ੍ਹਾਂ ਇਹ ਪਵਿੱਤਰ ਦਿਹਾੜਾ 'ਸੀਸ ਭੇਟ ਦਿਵਸ' ਹੋ ਨਿਬੜਿਆ। ਗੁਰੂ ਸਾਹਿਬ ਨੇ ਖੁਦ ਨੀਲਾ ਚੋਲਾ ਪਹਿਨਿਆ ਅਤੇ ਪੰਜਾਂ ਪਿਆਰਿਆ ਨੂੰ ਵੀ ਨੀਲੇ ਵਸਤਰ ਪਹਿਨਾਏ।

'ਭੱਟ, ਗੁਰੂ ਕੀਆਂ ਵਹੀਆਂ' ਅਤੇ ਕਵੀ ਸੈਨਾਪਤੀ ਅਨੁਸਾਰ ਗੁਰੂ ਸਾਹਿਬ ਨੇ ਪਹਿਲਾਂ ਖੰਡੇ ਦੀ ਪਹੁਲ ਦੇ ਪੰਜ ਚੂਲੇ ਆਪ ਛਕੇ ਅਤੇ ਫਿਰ ਪੰਜ ਪਿਆਰਿਆਂ ਨੂੰ ਛਕਾਏ। ਉਸ ਸਮੇਂ 'ਸਿੰਘ' ਸ਼ਬਦ ਗੁਰੂ ਸਾਹਿਬ ਨੇ ਆਪਣੇ ਨਾਮ ਨਾਲ ਲਗਾਇਆ ਅਤੇ ਪੰਜਾਂ ਪਿਆਰਿਆਂ ਨੂੰ ਇਹ ਪਛਾਣ ਬਖਸ਼ਿਸ਼ ਕਰਦਿਆਂ ; ਭਾਈ ਦਇਆ ਸਿੰਘ, ਭਾਈ ਧਰਮ ਸਿੰਘ, ਭਾਈ ਹਿੰਮਤ ਸਿੰਘ, ਭਾਈ ਮੋਹਕਮ ਸਿੰਘ ਅਤੇ ਭਾਈ ਸਾਹਿਬ ਸਿੰਘ ਦੇ ਨਾਮ ਬਖਸ਼ੇ। ਹਜ਼ਾਰਾਂ ਦੀ ਗਿਣਤੀ ਵਿੱਚ ਸਿੱਖ ਆਦਮੀ ਅਤੇ ਬੀਬੀਆਂ ਨੇ ਖੰਡੇ ਦਾ ਪਾਹੁਲ ਲਿਆ ਅਤੇ ਸਿੰਘ ਤੇ ਕੌਰ ਬਣੇ। ਖੰਡੇ ਦਾ ਪਾਹੁਲ ਛਕਣ ਵਾਲੇ ਸਿੱਖਾਂ ਨੂੰ ਗੁਰੂ ਸਾਹਿਬ ਨੇ ਪੰਜ ਕਕਾਰ ਬਖਸ਼ੇ, ਚਾਰ ਕਰਹਿਤਾਂ ਤੋਂ ਵਰਜਿਆ ਅਤੇ ਗੁਰੂ ਘਰ ਤੋਂ ਬੇਮੁਖਾਂ ਨਾਲ ਸਾਂਝ ਨਾ ਰੱਖਣ ਦੇ ਹੁਕਮ ਦਿੱਤੇ।

ਦਸਵੇਂ ਗੁਰੂ ਨਾਨਕ, ਗੁਰੂ ਗੋਬਿੰਦ ਸਿੰਘ ਜੀ ਨੇ ਜਾਰੀ ਹੁਕਮਨਾਮਿਆਂ ਵਿੱਚ ਸਿੱਖ ਸੰਗਤ ਲਈ ਸੰਬੋਧਨੀ ਸ਼ਬਦ "ਅਕਾਲ ਪੁਰਖ ਦਾ ਖਾਲਸਾ" ਵਰਤਿਆ ਅਤੇ ਸਿੱਖ ਜਗਤ ਨੂੰ ਸਿੱਧੇ ਤੌਰ 'ਤੇ ਗੁਰੂ ਨੂੰ ਸਮਰਪਿਤ ਹੁੰਦਿਆਂ, 'ਖਾਲਸਾ' ਸ਼ਬਦ ਰਾਹੀਂ ਸੰਬੋਧਨ ਕੀਤਾ। ਇਉ ਸਿੱਖੀ, ਸਿੱਖ ਵਿਰਸੇ, ਸਿੱਖ ਸੱਭਿਆਚਾਰ ਤੇ ਸਿੱਖ ਸਭਿਅਤਾ ਦੇ ਰੂਪ ਵਿੱਚ ਅਰਥਾਂ ਦੇ ਨਵੇਂ ਪ੍ਰਸੰਗ ਅਤੇ ਨਵੇਂ ਵਿਰਾਸਤੀ ਅਰਥ ਉਜਾਗਰ ਹੋਏ। ਜਿੱਥੇ ਗੁਰੂ ਨਾਨਕ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਤੱਕ ਇੱਕੋ ਜੋਤ ਹਨ, ਉੱਥੇ 'ਸਿੱਖੀ ਅਤੇ ਖ਼ਾਲਸਾ ਪੰਥ' ਵੀ ਇੱਕੋ ਹੀ ਹਨ। ਇਹਨਾਂ ਨੂੰ ਅੱਡ ਕਰਕੇ ਵੇਖਣਾ ਵੱਡੀ ਕੁਤਾਹੀ ਹੈ। ਇਸੇ ਕਾਰਨ 'ਸਿੱਖੀ' ਵਜੋਂ ਆਰੰਭ ਅਤੇ 'ਖਾਲਸੇ' ਵਜੋਂ ਮੁਕੰਮਲ ਹੋਣ ਦਾ ਇਹ ਸਫਰ 'ਖਾਲਸਾ ਦਿਹਾੜੇ' ਵਜੋਂ ਮਨਾਇਆ ਜਾਂਦਾ ਹੈ। 'ਖ਼ਾਲਸਾ' ਦਿਹਾੜੇ 'ਤੇ ਇਸ ਪੱਖ ਤੋਂ ਵਿਚਾਰ ਅਹਿਮ ਹੈ ਕਿ ਗੁਰੂ ਨਾਨਕ ਸਾਹਿਬ ਵੱਲੋਂ ਸਾਜੀ 'ਸਿੱਖੀ' ਲਈ ਗੁਰੂ ਦਸਵੇਂ ਗੁਰੂ ਨਾਨਕ, ਗੁਰੂ ਗੋਬਿੰਦ ਸਿੰਘ ਜੀ ਨੇ 'ਖ਼ਾਲਸਾ' ਨਾਂ ਬਖਸ਼ਿਆ। ਇਸ ਦੀ ਵਿਲੱਖਣਤਾ ਸੰਸਾਰ ਪੱਧਰ 'ਤੇ ਮਨੁੱਖੀ ਹੱਕਾਂ, ਮਾਨਵੀ ਬਰਾਬਰੀ ਅਤੇ ਸਰਬੱਤ ਦੇ ਭਲੇ ਪੱਖੋਂ ਉਜਾਗਰ ਹੋਣਾ ਹੀ, 'ਸਿੱਖ ਵਿਰਾਸਤੀ ਖ਼ਾਲਸਾ ਦਿਹਾੜਾ' ਸਹੀ ਅਰਥਾਂ ਵਿੱਚ ਮਨਾਉਣਾ ਕਿਹਾ ਜਾ ਸਕਦਾ ਹੈ।

ਸਿੱਖਾਂ ਲਈ ਇਹ ਮਾਣ ਵਾਲੀ ਗੱਲ ਹੈ ਕਿ ਕੈਨੇਡਾ ਦੁਨੀਆਂ ਦਾ ਅਜਿਹਾ ਪਹਿਲਾ ਦੇਸ਼ ਹੈ, ਜਿੱਥੇ ਸਿੱਖ ਵਿਰਾਸਤੀ ਮਹੀਨਾ ਰਾਸ਼ਟਰੀ ਤੌਰ 'ਤੇ ਮਨਾਇਆ ਜਾਂਦਾ ਹੈ। ਇਸ ਦੇ ਇਤਿਹਾਸ ਵੱਲ ਵੇਖੀਏ, ਤਾਂ ਸੰਨ 2013 ਵਿਚ ਨਿਊ ਡੈਮੋਕਰੇਟਿਕ ਪਾਰਟੀ ਦੇ ਆਗੂ ਜਗਮੀਤ ਸਿੰਘ ਨੇ ਕੈਨੇਡਾ ਦੇ ਸੂਬੇ ਓਂਟੈਰੀਓ ਵਿੱਚ ਵਿਧਾਇਕ ਹੁੰਦਿਆਂ ਅਜਿਹਾ ਮਤਾ ਪੇਸ਼ ਕੀਤਾ ਸੀ, ਜਿਸ ਤੋਂ ਬਾਅਦ ਓਂਟੈਰੀਓ ਵਿੱਚ ਸਿੱਖ ਵਿਰਾਸਤੀ ਮਹੀਨਾ ਮਨਾਉਣਾ ਆਰੰਭ ਹੋਇਆ। ਕੈਨੇਡਾ ਵਿੱਚ ਕੌਮੀ ਪੱਧਰ 'ਤੇ ਸੰਨ 2018 ਵਿਚ ਲਿਬਰਲ ਪਾਰਟੀ ਦੇ ਐਮਪੀ ਸੁਖ ਧਾਲੀਵਾਲ ਨੇ ਹਾਊਸ ਆਫ ਕਾਮਨਜ਼ ਪ੍ਰਾਈਵੇਟ ਮੈਂਬਰ ਬਿੱਲ ਸੀ 376 ਲਿਆਂਦਾ, ਜੋ ਕਿ ਉਸ ਵੇਲੇ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੀ ਅਗਵਾਈ ਵਿੱਚ 30 ਅਪ੍ਰੈਲ 2019 ਨੂੰ 'ਸਿੱਖ ਹੈਰੀਟੇਜ ਐਕਟ' ਬਣਿਆ।

ਸੰਨ 2026 ਕੈਨੇਡਾ ਪੱਧਰ 'ਤੇ ਅਪ੍ਰੈਲ ਮਹੀਨੇ ਨੂੰ ਸਿੱਖ ਵਿਰਾਸਤੀ ਮਹੀਨੇ ਵਜੋਂ ਮਨਾਉਣ ਦੀ 7ਵੀਂ ਵਰੇਗੰਢ ਹੈ। ਕੈਨੇਡਾ ਸਿੱਖ ਵਿਰਾਸਤੀ ਮਹੀਨਾ ਉਤਸ਼ਾਹ ਨਾਲ ਮਨਾ ਰਿਹਾ ਹੈ, ਜਿਸ ਦੌਰਾਨ ਇਤਿਹਾਸਿਕ ਪ੍ਰਦਰਸ਼ਨੀਆਂ, ਨਗਰ ਕੀਰਤਨਾਂ, ਸੱਭਿਆਚਾਰਕ ਸਮਾਗਮਾਂ ਅਤੇ ਵਿਚਾਰ ਗੋਸ਼ਟੀਆਂ ਦਾ ਆਯੋਜਨ ਹੋ ਰਿਹਾ ਹੈ। ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਪੱਧਰ 'ਤੇ ਕੈਨੇਡਾ ਸਰਕਾਰ ਦੀ ਪ੍ਰਵਾਨਗੀ ਨਾਲ ਅਜਿਹੇ ਸਮਾਗਮ ਵੱਧ-ਚੜ ਕੇ ਕੀਤੇ ਜਾ ਸਕਦੇ ਹਨ, ਇਸਦਾ ਸਾਨੂੰ ਲਾਹਾ ਲੈਣਾ ਚਾਹੀਦਾ ਹੈ।

ਕੈਨੇਡਾ ਦੇ ਰਾਜਨੀਤਿਕ ਆਗੂਆਂ ਵੱਲੋਂ ਅਪ੍ਰੈਲ ਦੇ ਸਿੱਖ ਵਿਰਾਸਤੀ ਮਹੀਨੇ 'ਤੇ ਸਮੂਹ ਕੈਨੇਡੀਅਨ ਭਾਈਚਾਰੇ ਨੂੰ ਵਧਾਈ ਦਿੰਦਿਆਂ ਕਿਹਾ ਗਿਆ ਕਿ ਇਹ ਵਿਭਿੰਨਤਾ ਜਿੱਥੇ ਸਾਡੀ ਤਾਕਤ ਹੈ, ਉਥੇ ਸਿੱਖ ਭਾਈਚਾਰਾ ਨਿਰਸੁਆਰਥ, ਹਮਦਰਦੀ ਅਤੇ ਮਹਾਨਤਾ ਸਦਕਾ ਕੈਨੇਡਾ ਨੂੰ ਮਹਾਨ ਬਣਾਉਣ ਦੀ ਅਹਮ ਭੂਮਿਕਾ ਨਿਭਾ ਰਿਹਾ ਹੈ। ਕਰੀਬ 130 ਸਾਲ ਤੋਂ ਸਿੱਖ ਕੈਨੇਡੀਅਨਾਂ ਨੇ ਇਸ ਦੇਸ਼ ਨੂੰ ਬਰਾਬਰੀ, ਹਮਦਰਦੀ ਭਰਪੂਰ ਅਤੇ ਨਿਆਪੂਰਨ ਕੈਨੇਡਾ ਬਣਾਉਣ ਵਿੱਚ ਖਾਸ ਮਦਦ ਕੀਤੀ ਹੈ। ਇਸ ਕਰਕੇ ਸਿੱਖ ਵਿਰਾਸਤੀ ਮਹੀਨਾ ਸਿੱਖਾਂ ਦੇ ਮਹਾਨ ਇਤਿਹਾਸ ਬਾਰੇ ਵਿਚਾਰ ਕਰਨ ਅਤੇ ਸਿੱਖ ਭਾਈਚਾਰੇ ਦੀਆਂ ਉਹਨਾਂ ਕਦਰਾਂ ਕੀਮਤਾਂ ਨੂੰ ਪਛਾਨਣ ਦਾ ਸੁਨਹਿਰੀ ਮੌਕਾ ਹੈ, ਜੋ ਕੈਨੇਡਾ ਦੇਸ਼ ਦਾ ਨਿਰਮਾਣ ਕਰ ਰਹੀਆਂ ਹਨ।

ਅਪ੍ਰੈਲ ਦੇ ਸਿੱਖ ਵਿਰਾਸਤੀ ਮਹੀਨੇ ਦੌਰਾਨ, ਖਾਲਸਾ ਦਿਹਾੜੇ ਮੌਕੇ 'ਤੇ ਨਗਰ ਕੀਰਤਨ ਸਜਾਉਣ ਦੇ ਉਪਰਾਲੇ ਹੁੰਦੇ ਹਨ। ਨਗਰ ਕੀਰਤਨਾਂ ਦੇ ਸਬੰਧ ਵਿੱਚ ਅਹਿਮ ਵਿਚਾਰ ਹੈ ਕਿ ਖਾਲਸਾ ਦਿਹਾੜੇ ਨੂੰ 'ਮੇਲੇ' ਦੀ ਥਾਂ, ਗੁਰਪੁਰਬ ਦੇ ਅਮਲੀ ਰੂਪ ਵਿਚ ਮਨਾਇਆ ਜਾਏ। ਅੱਜ ਪੰਜਾਬ ਤੋਂ ਲੈ ਕੇ ਦੁਨੀਆਂ ਦੇ ਹਰ ਕੋਨੇ ਵਿੱਚ, ਜਿੱਥੇ ਵੀ ਸਿੱਖ ਵਸਦੇ ਹਨ, ਅਕਾਲ ਪੁਰਖ ਦਾ ਜਸ ਅਤੇ ਕੀਰਤੀ ਕਰਦੇ ਹਨ। ਸਿੱਖ ਕੌਮ ਇਤਿਹਾਸਕ ਮੌਕਿਆਂ ਉੱਪਰ ਨਗਰ ਕੀਰਤਨ ਸਜਾਉਂਦੀ ਹੈ। ਇਹ ਪਰੰਪਰਾ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਤੋਂ ਲੈ ਕੇ ਕੈਨੇਡਾ, ਅਮਰੀਕਾ, ਇੰਗਲੈਂਡ, ਆਸਟਰੇਲੀਆ, ਨਿਊਜ਼ੀਲੈਂਡ, ਸਿੰਗਾਪੁਰ, ਮਲੇਸ਼ੀਆ, ਦੁਬਈ ਅਤੇ ਪਾਕਿਸਤਾਨ ਸਮੇਤ ਹਰ ਉਸ ਮੁਲਕ ਦੇ ਵਿੱਚ ਸ਼ਾਨ ਨਾਲ ਕਾਇਮ ਹੈ, ਜਿੱਥੇ ਵੀ ਗੁਰੂ ਨਾਨਕ ਨਾਮ ਲੇਵਾ ਸਿੱਖ ਵਸਿਆ ਹੋਇਆ ਹੈ। ਨਗਰ ਕੀਰਤਨ ਸ਼ਬਦ ਦੀ ਪਰਿਭਾਸ਼ਾ ਦੇਖੀਏ, ਤਾਂ ਇਹ ਦੋ ਸ਼ਬਦਾਂ ਦਾ ਜੋੜ ਹੈ : 'ਨਗਰ' ਅਤੇ 'ਕੀਰਤਨ'। ਕੀਰਤਨ ਸ਼ਬਦ ਗੁਰਬਾਣੀ 'ਚ ਅਨੇਕਾਂ ਵਾਰ ਆਇਆ ਹੈ। ਜਿੱਥੇ ਕੀਰਤਨ ਗਾਇਨ ਸਿੱਖੀ ਦਾ ਸ਼ਾਨਮਈ ਵਿਰਸਾ ਹੈ ਅਤੇ ਗੁਰੂ ਸਾਹਿਬਾਨ ਸਮੇਂ ਤੋਂ ਕੀਰਤਨ ਆਰੰਭ ਹੋਇਆ ਹੈ, ਉੱਥੇ ਇਹ ਸਦਾ ਹੀ ਕਾਇਮ ਹੈ ਅਤੇ ਰਹੇਗਾ। ਗੁਰੂ ਨਾਨਕ ਸਾਹਿਬ ਅਤੇ ਭਾਈ ਮਰਦਾਨਾ ਜੀ ਦੇ ਸਬੰਧ ਵਿੱਚ ਭਾਈ ਗੁਰਦਾਸ ਜੀ ਦੀਆਂ ਵਾਰਾਂ 'ਚ ਅਨੇਕ ਥਾਵਾਂ 'ਤੇ ਇਹ ਸ਼ਬਦ ਹਨ, ਜਦੋਂ ਗੁਰੂ ਸਾਹਿਬ ਬਾਣੀ ਰਚਦੇ ਅਤੇ ਗਾਇਨ ਕਰਦੇ ਤੇ ਭਾਈ ਮਰਦਾਨਾ ਜੀ ਰਬਾਬ ਵਜਾਉਂਦੇ। ਗੁਰੂ ਕਾਲ ਦੌਰਾਨ ਹੀ ਪੰਚਮ ਪਾਤਸ਼ਾਹ ਗੁਰੂ ਅਰਜਨ ਸਾਹਿਬ ਨੇ ਸਿੱਖਾਂ ਨੂੰ ਮੌਲਿਕ ਰੂਪ ਵਿੱਚ ਸਰੰਦਾ ਅਤੇ ਅਨੇਕਾਂ ਹੋਰ ਸਾਜ ਬਖਸ਼ੇ ਅਤੇ ਹਰ ਇਕ ਸਿੱਖ ਨੂੰ ਕੀਰਤਨ ਕਰਨ ਵਾਸਤੇ ਪ੍ਰੇਰਿਆ।

ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬਾਣੀ 31 ਰਾਗਾਂ ਵਿੱਚ ਦਰਜ ਕਰਨ ਅਤੇ ਰਾਗਾਂ ਵਿੱਚ ਗਾਇਨ ਦੀ ਵਿਧੀ ਇਸ ਦੀ ਮਿਸਾਲ ਹੈ, ਜਿਸ ਨੂੰ ਆਧਾਰ ਬਣਾ ਕੇ, ਕੀਰਤਨੀਏ ਰਾਗਾਂ ਦਾ ਅਧਿਅਨ ਕਰਦੇ ਹਨ। ਕੀਰਤਨ ਗਾਇਨ ਦੇ ਮਹਾਨ ਗੌਰਵਮਈ ਵਿਰਸੇ ਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਉੱਚਾ ਰੁਤਬਾ ਦਿੱਤਾ। ਇੱਥੋਂ ਤੱਕ ਕਿ ਜੰਗਾਂ ਮੌਕੇ ਵੀ 'ਆਸਾ ਜੀ ਦੀ ਵਾਰ' ਦਾ ਕੀਰਤਨ ਆਪ ਜੀ ਦੇ ਖੁਦ ਗਾਇਨ ਕਰਨ ਦੀਆਂ ਇਤਿਹਾਸਕ ਮਿਸਾਲਾਂ

(ਬਾਕੀ ਸਫਾ ਏ38 ਤੇ)

Keep Smiling
Denture Clinic
Now accepting Canadian Dental Care plan patients
*Complete Denture *Partial Denture *Emergency Repair
*Implant Denture *Reline, Rebase *Mouth/Night Guard
ਜੇਕਰ ਤੁਹਾਡੇ ਇਕ ਜਾਂ ਇਕ ਤੋਂ ਵੱਧ ਦੰਦ ਨਿਕਲ ਚੁੱਕੇ ਹਨ, ਦੰਦ ਲਗਵਾਉਣੇ ਹਨ, ਦੰਦ ਪੁਰਾਣੇ ਹਨ ਜਾਂ ਹੁਣ ਨਵੇਂ ਲਗਵਾਉਣੇ ਹਨ, ਤੁਹਾਡੇ ਲਗਵਾਏ ਦੰਦ ਢਿੱਲੇ ਹਨ ਜਾਂ ਟੁੱਟ ਗਏ ਹਨ ਹਨ ਉਹਨਾਂ ਨੂੰ ਰੀਲਾਈਨ ਜਾਂ ਰਿਪੇਅਰ ਕਰਵਾਉਣ ਲਈ ਸਾਨੂੰ ਅੱਜ ਹੀ ਮਿਲੋ।
ਹੁਣ ਕਨੇਡੀਅਨ ਡੈਂਟਲ ਕੇਅਰ ਪਲੈਨ ਵਾਲੇ ਮਰੀਜ ਵੀ ਲੈਂਦੇ ਹਾਂ

GAGAN CHAHAL R.D
REGISTERED DENTURIST
Off:778-600-0811
6834 King George Blvd, Surrey
Email:info@denturistbc.com
Abbotsford Location
2644 Cyril Street Abbotsford
Off:778-600-0810

# ਪੰਜਾਬੀ ਗਾਇਕਾ ਸੁਨੰਦਾ ਸ਼ਰਮਾ ਨੂੰ ਛੂਹਣ ਲਈ ਸਟੇਜ ’ਤੇ ਚੜ੍ਹਿਆ ਨੌਜਵਾਨ

## ਗਾਇਕਾ ਨੇ ਅੱਧ ਵਿਚਾਲੇ ਛੱਡਿਆ ਲਾਈਵ ਸ਼ੋਅ, ਪੁਲਿਸ ਨੇ ਨੌਜਵਾਨ ਨੂੰ ਹਿਰਾਸਤ ’ਚ ਲਿਆ

ਗਾਜ਼ੀਆਬਾਦ:-ਪੰਜਾਬੀ ਗਾਇਕ ਸੁਨੰਦਾ ਸ਼ਰਮਾ ਨੇ ਗਾਜ਼ੀਆਬਾਦ ’ਚ ਇਕ ਲਾਈਵ ਸ਼ੋਅ ਨੂੰ ਅੱਧ ਵਿਚਾਲੇ ਹੀ ਰੱਦ ਕਰ ਦਿੱਤਾ ਅਤੇ ਪਰਫਾਰਮੈਂਸ ਛੱਡ ਕੇ ਚਲੀ ਗਈਆਂ।

3 ਅਪ੍ਰੈਲ ਦੀ ਰਾਤ ਆਰ.ਕੇ.ਜੀ.ਆਈ.ਟੀ. ਕਾਲਜ ਵਿੱਚ ਚੱਲ ਰਹੇ ਸ਼ੋਅ ਦੌਰਾਨ ਅਚਾਨਕ ਇੱਕ ਨੌਜਵਾਨ ਸਟੇਜ ਉੱਤੇ ਚੜ੍ਹ ਗਿਆ ਅਤੇ ਉਹ ਗਾਇਕਾ ਨੂੰ ਛੂਹਣ ਦੀ ਕੋਸ਼ਿਸ਼ ਕਰਨ ਲੱਗਾ ਅਤੇ ਉਨ੍ਹਾਂ ਦੇ ਪੈਰਾਂ ਵਿੱਚ ਡਿਗ ਪਿਆ।

ਇਸ ਘਟਨਾ ਤੋਂ ਸੁਨੰਦਾ ਸ਼ਰਮਾ ਘਬਰਾ ਗਈ। ਜਿਵੇਂ ਹੀ ਨੌਜਵਾਨ ਨੇ ਉਨ੍ਹਾਂ ਨੂੰ ਛੂਹਿਆ ਉਹ ਜ਼ੋਰ ਨਾਲ ਚੀਕੀ ਅਤੇ ਭੱਜ ਕੇ ਸਟੇਜ ਦੇ ਪਿੱਛੇ ਚਲੀ ਗਈ। ਮਾਈਕ ਆਨ ਹੋਣ ਕਰਕੇ ਉਨ੍ਹਾਂ ਦੀ ਚੀਕਾਂ ਸਾਫ਼ ਸੁਣਾਈ ਦਿੱਤੀਆਂ, ਜਿਸ ਨਾਲ ਮਾਹੌਲ ਅਫ਼ਰਾ-ਤਫ਼ਰੀ ਵਿੱਚ ਬਦਲ ਗਿਆ। ਨੌਜਵਾਨ ਲਗਭਗ 2 ਮਿੰਟ ਤੱਕ ਸਟੇਜ ਉੱਤੇ ਰਿਹਾ ਅਤੇ ਸ਼ਾਹਰੁਖ ਖਾਨ ਦੇ ਸਿਗਨੇਚਰ ਸਟਾਈਲ ਵਿੱਚ



ਬਾਹਾਂ ਫੈਲਾਅ ਕੇ ਸਟੂਡੈਂਟਸ ਵੱਲ ਦੇਖਣ ਲੱਗਾ। ਆਵਾਜ਼ ਸੁਣਦਿਆਂ ਹੀ ਪੁਲਿਸ ਤੁਰੰਤ ਸਟੇਜ ਉੱਤੇ ਪਹੁੰਚ ਗਈ ਅਤੇ ਨੌਜਵਾਨ ਨੂੰ ਉੱਥੋਂ ਹਟਾਇਆ।

ਬਾਊਂਸਰਾਂ ਨੇ ਵੀ ਉਸ ਨੂੰ ਫੜ ਕੇ ਸਟੇਜ ਤੋਂ ਹੇਠਾਂ ਉਤਾਰਿਆ ਅਤੇ ਬਾਅਦ ਵਿੱਚ ਪੁਲਿਸ ਦੇ ਹਵਾਲੇ ਕਰ ਦਿੱਤਾ। ਫਿਲਹਾਲ ਗਾਜ਼ੀਆਬਾਦ ਪੁਲਿਸ ਨੇ ਮੁਲਜ਼ਮ ਨੌਜਵਾਨ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਨੌਜਵਾਨ ਉਸੇ ਕਾਲਜ ਦਾ ਵਿਦਿਆਰਥੀ ਹੈ। ਇਸ ਘਟਨਾ ਤੋਂ ਬਾਅਦ ਸੁਨੰਦਾ ਇੰਨੀ ਡਰ ਗਈ ਕਿ ਉਹ ਦੁਬਾਰਾ ਸਟੇਜ ਉੱਤੇ ਵਾਪਸ ਨਾ ਆਈ। ਹੇਠਾਂ ਮੌਜੂਦ ਲੋਕ ਉਨ੍ਹਾਂ ਨੂੰ ਵਾਪਸ ਬੁਲਾਉਂਦੇ ਰਹੇ, ਪਰ ਉਨ੍ਹਾਂ ਦੀ ਟੀਮ ਨੇ ਸ਼ੋਅ ਨੂੰ ਵਿਚਕਾਰ ਹੀ ਰੱਦ ਕਰਨ ਦਾ ਫੈਸਲਾ ਲੈ ਲਿਆ।

ਸ਼ੋਅ ਰੱਦ ਹੋਣ ਦੇ ਐਲਾਨ ਤੋਂ ਬਾਅਦ ਵਿਦਿਆਰਥੀ ਨਿਰਾਸ਼ ਹੋ ਕੇ ਵਾਪਸ ਪਰਤ ਗਏ।

# ਚੀਨ ਦੀ ‘ਰੋਬੋਟ ਕੁੱਤੇ’ ਫੌਜ:ਭਵਿੱਖ ਦੇ ਯੁੱਧ ਦੀ ਨਵੀਂ ਰਣਨੀਤੀ

ਬੀਜਿੰਗ: ਚੀਨ ਤੇਜ਼ੀ ਨਾਲ ਬਿਨਾਂ ਇਨਸਾਨ ਵਾਲੀ ਆਧੁਨਿਕ ਫੌਜ ਤਿਆਰ ਕਰ ਰਿਹਾ ਹੈ, ਜਿਸ ਵਿੱਚ ਰੋਬੋਟ ਕੁੱਤੇ ਵੀ ਸ਼ਾਮਲ ਹੋਣਗੇ। ਇਹ ਰੋਬੋਟ ਕੁੱਤੇ ਭੇੜੀਆਂ ਦੇ ਝੁੰਡ ਵਾਂਗ ਇੱਕਠੇ ਹੋ ਕੇ ਹਮਲਾ ਕਰਨ ਦੀ ਤਾਕਤ ਰੱਖਦੇ ਹਨ। ਇਹ ਰੋਬੋਟ ਡਰੋਨ ਨਾਲ ਮਿਲ ਕੇ ਗੁੰਝਲਦਾਰ ਸੈਨਿਕ ਮਿਸ਼ਨ ਪੂਰੇ ਕਰ ਸਕਦੇ ਹਨ। ਵੱਖ-ਵੱਖ ਕੰਮਾਂ ਲਈ ਤਿਆਰ ਕੀਤੇ ਗਏ ਇਹ ਰੋਬੋਟ ਨਿਗਰਾਨੀ, ਹਮਲਾ ਅਤੇ ਸਹਾਇਤਾ ਦੀ ਭੂਮਿਕਾ ਨਿਭਾਉਂਦੇ ਹਨ। ਏਆਈ ਤਕਨਾਲੋਜੀ ਨਾਲ ਲੈਸ ਇਹ ਸਿਸਟਮ ਆਪਣੇ ਆਪ ਫੈਸਲੇ ਲੈ ਸਕਦੇ ਹਨ ਅਤੇ ਆਪਸੀ ਜਾਣਕਾਰੀ ਸਾਂਝੀ ਕਰਦੇ ਹਨ। ਮਾਹਿਰਾਂ ਮੁਤਾਬਕ, ਇਹ ‘ਵੁਲਫ ਪੈਕ’ ਮਾਡਲ ਭਵਿੱਖ ਦੇ ਯੁੱਧ ਦਾ ਨਵਾਂ ਰੂਪ ਬਣ ਸਕਦਾ ਹੈ।

# ਕੈਲਗਰੀ ਟਰੱਕ ਡਰਾਈਵਰ ਦੀ ਅਮਰੀਕਾ ਹਵਾਲਗੀ ਤੇ ਅਪੀਲ, ਜਸਟਿਸ ਮੰਤਰੀ ਕੋਲ ਰਾਹਤ ਦੀ ਮੰਗ

ਕੈਲਗਰੀ,: ਕੈਲਗਰੀ ਦੇ ਇੱਕ ਟਰੱਕ ਡਰਾਈਵਰ ਸ਼ੁਭਮ ਕੁਮਾਰ ਨੂੰ ਅਮਰੀਕਾ ਹਵਾਲੇ ਕਰਨ ਦੇ ਅਦਾਲਤੀ ਹੁਕਮਾਂ ਖਿਲਾਫ਼ ਉਸਦੇ ਵਕੀਲ ਨੇ ਹੁਣ ਫੈਡਰਲ ਜਸਟਿਸ ਮੰਤਰੀ ਕੋਲ ਰਾਹਤ ਦੀ ਅਪੀਲ ਕਰਨ ਦਾ ਫੈਸਲਾ ਕੀਤਾ ਹੈ।

ਡਿਫੈਂਸ ਵਕੀਲ ਕਰਟਿਸ ਆਰਮਿਟੇਜ ਨੇ ਦੱਸਿਆ ਕਿ ਉਹ ਸ਼ਇਓਨ ਫਰਓਸਇਰ ਨੂੰ ਸਬਮਿਸ਼ਨ ਭੇਜਣ ਦੀ ਤਿਆਰੀ ਕਰ ਰਹੇ ਹਨ, ਤਾਂ ਜੋ ਕੁਮਾਰ ਦੀ ਅਮਰੀਕਾ ਹਵਾਲਗੀ ਰੋਕੀ ਜਾ ਸਕੇ। ਇਹ ਅਪੀਲ ਮਈ ਤੱਕ ਦਾਖਲ ਕੀਤੀ ਜਾਵੇਗੀ।

ਅਮਰੀਕੀ ਅਧਿਕਾਰੀਆਂ ਮੁਤਾਬਕ, ਕੁਮਾਰ ਇੱਕ ਅੰਤਰਰਾਸ਼ਟਰੀ ਡਰੱਗ ਤਸਕਰੀ ਨੈੱਟਵਰਕ ਨਾਲ ਜੁੜਿਆ ਹੋਇਆ ਹੈ, ਜੋ ਮੈਕਸੀਕੋ ਤੋਂ ਅਮਰੀਕਾ ਅਤੇ ਫਿਰ ਕੈਨੇਡਾ ਤੱਕ ਕੋਕੇਨ ਅਤੇ ਹੋਰ ਨਸ਼ੀਲੇ ਪਦਾਰਥ ਭੇਜਦਾ ਸੀ।

ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ
ਪਾਉਣ ਲਈ ਫੋਨ ਕਰੋ 604-590-5200

# 3 ਮਹੀਨਿਆਂ ਬਾਅਦ ਬਹੁੜਿਆ 80 ਮਿਲੀਅਨ ਡਾਲਰ ਦਾ ਜੇਤੂ

## ਜਾਣੋ ਕਿਉਂ ਹੋਈ ਇਨਾਮ ਲੈਣ ‘ਚ ਦੇਰੀ

ਵੈਨਕੂਵਰ (ਮਲਕੀਤ ਸਿੰਘ):ਕੈਨੇਡਾ ਦੇ ਸੂਬੇ ਓਨਟਾਰਿਓ ਵਿੱਚ 80 ਮਿਲੀਅਨ ਡਾਲਰ ਦੀ ‘ਲਾਟੋ ਮੈਕਸ ਜੈਕਪਾਟ’ ਜਿੱਤਣ ਵਾਲਾ ਖੁਸ਼ਕਿਸਮਤ ਵਿਅਕਤੀ ਤਿੰਨ ਮਹੀਨੇ ਬਾਅਦ ਆਪਣੇ ਜੇਤੂ ਹੋਣ ਦਾ ਦਾਅਵਾ ਕਰਨ ਲਈ ਸਾਹਮਣੇ ਆਇਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਇੰਨੀ ਵੱਡੀ ਰਕਮ ਲੈਣ ਵਿੱਚ ਦੇਰੀ ਹੋਣਾ ਕੋਈ ਅਜੀਬ ਗੱਲ ਨਹੀਂ ਹੈ। ਪ੍ਰਾਪਤ ਜਾਣਕਾਰੀ ਅਨੁਸਾਰ 80 ਮਿਲੀਅਨ ਡਾਲਰ ਦੀ ਲਾਟਰੀ ਟਿਕਟ ਤਿੰਨ ਮਹੀਨੇ ਪਹਿਲਾਂ ਵੇਚੀ ਗਈ ਸੀ।

ਮਾਹਿਰਾਂ ਮੁਤਾਬਕ ਵੱਡੇ ਜੈਕਪਾਟ ਜਿੱਤਣ ਵਾਲੇ ਲੋਕ ਅਕਸਰ ਕਾਨੂੰਨੀ ਸਲਾਹ ਲੈਂਦੇ ਹਨ, ਟੈਕਸ ਅਤੇ ਨਿਵੇਸ਼ ਸੰਬੰਧੀ ਯੋਜਨਾਬੰਦੀ ਕਰਦੇ ਹਨ ਅਤੇ ਆਪਣੀ ਜ਼ਿੰਦਗੀ ਵਿੱਚ ਆਉਣ ਵਾਲੇ ਵੱਡੇ ਬਦਲਾਵਾਂ ਲਈ ਤਿਆਰੀ ਕਰਦੇ ਹਨ। ਅਧਿਕਾਰੀਆਂ ਨੇ ਦੱਸਿਆ ਕਿ ਇਸ ਤਰ੍ਹਾਂ ਦੀ ਦੇਰੀ ਆਮ ਹੈ ਅਤੇ ਜੇਤੂਆਂ ਨੂੰ ਆਪਣੇ ਇਨਾਮ ਦਾ ਦਾਅਵਾ ਕਰਨ ਲਈ ਨਿਰਧਾਰਤ ਸਮਾਂ ਦਿੱਤਾ ਜਾਂਦਾ ਹੈ, ਜਿਸਦੇ ਅੰਦਰ ਉਹ ਆਰਾਮ ਨਾਲ ਆਪਣੇ ਫੈਸਲੇ ਕਰ ਸਕਦੇ ਹਨ।

# ਕੈਨੇਡਾ ਵਿੱਚ ਪੰਜਾਬੀ ਧੋਖਾਧੜੀ ਦੇ ਦੋਸ਼ ਵਿੱਚ ਗ੍ਰਿਫ਼ਤਾਰ



ਐਡਮਿੰਟਨ:-ਛੇੜਛਾੜ ਕਰਕੇ ਲੋਕਾਂ ਨਾਲ ਧੋਖਾਧੜੀ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਹਰਮਨਦੀਪ ਵਰਤੀਆਂ ਹੋਈਆਂ ਕਾਰਾਂ ਖਰੀਦਦਾ ਸੀ, ਉਨ੍ਹਾਂ ਦੇ ਓਡੋਮੀਟਰਾਂ ਨਾਲ ਛੇੜਛਾੜ ਕਰਦਾ ਸੀ ਅਤੇ ਉਨ੍ਹਾਂ ਨੂੰ ਨਵੀਆਂ ਦੱਸ ਕੇ ਮਹਿੰਗੇ ਭਾਅ ‘ਤੇ ਵੇਚਦਾ ਸੀ। ਐਡਮੰਟਨ ਪੁਲਿਸ ਸਰਵਿਸ ਅਨੁਸਾਰ, ਦੋਸ਼ੀ ਨੇ ਨਾ ਸਿਰਫ਼ ਓਡੋਮੀਟਰਾਂ ਨਾਲ ਛੇੜਛਾੜ ਕੀਤੀ ਬਲਕਿ ਕਾਰਾਂ ਲਈ ਜਾਅਲੀ ਦਸਤਾਵੇਜ਼ ਵੀ ਬਣਾਏ। ਪੁਲਿਸ ਦਾ ਕਹਿਣਾ ਹੈ ਕਿ ਇਹ ਮਾਮਲਾ 13 ਮਾਰਚ, 2026 ਨੂੰ ਸਾਹਮਣੇ ਆਇਆ ਸੀ। ਇੱਕ ਵਿਅਕਤੀ ਨੇ ਪੁਲਿਸ ਨੂੰ ਰਿਪੋਰਟ ਕੀਤੀ ਕਿ ਫੇਸਬੁੱਕ ਮਾਰਕੀਟਪਲੇਸ ਤੋਂ ਖਰੀਦੀ ਗਈ ਇੱਕ ਕਾਰ ਦਾ ਓਡੋਮੀਟਰ ਗਲਤ ਸੀ। ਜਾਂਚ ਵਿੱਚ ਪਤਾ ਲੱਗਾ ਕਿ ਵਾਹਨ ਨੂੰ ਓਡੋਮੀਟਰ ਦੁਆਰਾ ਦਰਸਾਏ ਗਏ ਤੋਂ ਵੱਧ ਚਲਾਇਆ ਗਿਆ ਸੀ। ਇਸ ਤੋਂ ਇਲਾਵਾ, ਵਾਹਨ ਦੇ ਦਸਤਾਵੇਜ਼ ਵੀ ਜਾਅਲੀ ਪਾਏ ਗਏ।

Trusted Name in Real Estate
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL
REAL ESTATE BROKER
Cell:425-314-2111
Email:garyd@windermere.com
garydhaliwal.withwre.com
Windermere REAL ESTATE
801 State Ave,
Marrysville, Wa 98270

HOUSE FOR SALE
12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA
REAL ESTATE BROKER
Cell:425-210-8985
Email:m.sangha@windermere.com
m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

(ਸਫਾ ਏ 12 ਦੀ ਬਾਕੀ)

ਸਾਹਮਣੇ ਹਨ। ਉਸ ਸਮੇਂ ਤੋਂ ਲੈ ਕੇ ਅੱਜ ਤੱਕ ਕੀਰਤਨ ਦਾ ਸਤਿਕਾਰ ਵਧਿਆ ਅਤੇ ਇਹ ਹਮੇਸ਼ਾ ਕਾਇਮ ਹੈ। ਸ਼ਬਦ 'ਨਗਰ' ਦਾ ਭਾਵ ਅਸਥਾਨ ਤੋਂ ਹੈ, ਚਾਹੇ ਪਿੰਡ, ਕਸਬਾ, ਸ਼ਹਿਰ, ਕੁਝ ਵੀ ਹੋਵੇ। ਦੇਸ਼-ਵਿਦੇਸ਼ ਜਿੱਥੇ ਵੀ, ਜਿਸ ਵੀ ਸ਼ਹਿਰ ਵਿੱਚ ਸਿੱਖ ਵੱਸਦੇ ਹਨ, ਉਨ੍ਹਾਂ ਲਈ ਉਹ ਨਗਰ ਹੈ। ਇਉਂ ਨਗਰ ਅਤੇ ਕੀਰਤਨ, ਦੋਹੇਂ ਸ਼ਬਦਾਂ ਦੇ ਜੋੜ ਤੋਂ 'ਨਗਰ ਕੀਰਤਨ' ਬਣਦਾ ਹੈ, ਜਿਸ ਦਾ ਭਾਵ ਹੈ ਵਿਸ਼ੇਸ਼ ਧਾਰਮਿਕ ਮੌਕਿਆਂ 'ਤੇ ਨਗਰ ਵਿੱਚ ਕੀਰਤਨ ਕਰਦੇ ਹੋਏ ਸਿੱਖੀ ਦੀ ਸ਼ੋਭਾ ਵਧਾਉਣੀ ਅਤੇ ਹੋਰਨਾ ਕੌਮਾਂ ਨੂੰ ਇਸ ਤੋਂ ਜਾਣੂ ਕਰਵਾਉਣਾ। ਇਸ ਦਾ ਖਾਸ ਨਿਯਮ ਇਹ ਹੈ ਕਿ ਨਗਰ ਕੀਰਤਨ ਸਜਾਉਂਦੇ ਹੋਏ, ਕੀਰਤਨ ਕਰਦਿਆਂ ਹੋਇਆਂ, ਨਗਰ ਵਿੱਚ ਦੀ ਗੁਜ਼ਰਨਾ। ਨਗਰ ਵਿੱਚ ਕੀਰਤਨ ਗਾਇਨ ਕਰਦੇ ਚੱਲਣਾ। ਕਿਉਂਕਿ ਨਗਰ ਕੀਰਤਨ ਨਿਰੋਲ ਧਾਰਮਿਕ ਅਤੇ ਸਿੱਖੀ ਪ੍ਰਚਾਰ ਦਾ ਜ਼ਰੀਆ ਹੈ, ਇਸ ਕਰਕੇ ਨਗਰ ਕੀਰਤਨ ਵਿੱਚ ਸਿੱਖ ਵਿਰਸੇ ਨਾਲ ਸਬੰਧਤ ਧਾਰਮਿਕ ਪੱਖਾਂ ਨੂੰ ਜੋੜ ਕੇ ਵੇਖਿਆ ਜਾਂਦਾ ਹੈ, ਜਿਵੇਂ ਕਿ ਨਗਰ ਕੀਰਤਨ ਵਿੱਚ ਸਿੱਖਾਂ ਦੀ ਸ਼ਾਨਦਾਰ ਵਿਰਾਸਤ ਦਾ ਪ੍ਰਤੀਕ ਗੱਤਕਾ ਖੇਡਣਾ, ਜੋ ਕਿ ਤਖ਼ਤ ਸਾਹਿਬਾਨਾਂ ਤੋਂ ਲੈ ਕੇ ਹਰ ਗੁਰਦੁਆਰਾ ਸਾਹਿਬ ਤੱਕ ਮੌਜੂਦ ਹੈ। ਇਸ ਦੇ ਨਾਲ ਹੀ ਗੁਰਬਾਣੀ ਦੀ ਕਥਾ-ਵਿਚਾਰ, ਢਾਡੀ, ਕਵੀਸ਼ਰੀ ਪਰੰਪਰਾ, ਇਹ ਸਭ ਸਿੱਖੀ ਦੇ ਧਾਰਮਿਕ ਪੱਖ ਹਨ ਅਤੇ ਨਗਰ ਕੀਰਤਨ ਦਾ ਹਿੱਸਾ ਹਨ। ਪਹਿਲਾਂ ਪਹਿਲ ਇਸ ਸਬੰਧੀ 'ਜਲੂਸ' ਸ਼ਬਦ ਵਰਤਿਆ ਜਾਂਦਾ ਸੀ, ਉਹ ਵੀ ਨਾਂਹ ਵਾਚਕ ਨਹੀਂ ਸੀ, ਬਲਕਿ ਖਾਲਸੇ ਦੀ ਸ਼ਾਨ ਦੇ ਤੌਰ ਤੇ ਜਲੂਸ ਸਜਾਏ ਜਾਣਾ, ਮਹਾਨ ਕਾਰਜ ਵਜੋਂ ਜਾਣਿਆ ਜਾਂਦਾ ਰਿਹਾ ਹੈ। ਹੁਣ ਨਗਰ ਕੀਰਤਨ ਸ਼ਬਦ ਪ੍ਰਚਲਿਤ ਹੋਣਾ ਵੀ ਕੋਈ ਗਲਤ ਨਹੀਂ, ਬਲਕਿ ਚੰਗੀ ਭਾਵਨਾ ਵਿੱਚੋਂ ਪੈਦਾ ਹੋਇਆ ਹੈ।

ਵਰਤਮਾਨ ਸਮੇਂ ਪੰਜਾਬ ਤੋਂ ਬਾਹਰ ਵਿਦੇਸ਼ਾਂ ਵਿੱਚ ਹੋਰ ਵੀ ਜ਼ਰੂਰੀ ਬਣ ਜਾਂਦਾ ਹੈ ਕਿ ਨਗਰ ਕੀਰਤਨ ਦੇ ਮੌਕੇ 'ਤੇ ਇਤਿਹਾਸ ਅਤੇ ਵਿਰਸੇ ਦੇ ਮਹੱਤਵ ਨੂੰ ਪੇਸ਼ ਕਰਦੇ ਪੁਸਤਕਾਂ ਜਾਂ ਪੰਫਲਿਟ, ਗੁਰਮੁਖੀ ਤੋਂ ਇਲਾਵਾ ਅੰਗਰੇਜ਼ੀ ਅਤੇ ਹੋਰਨਾਂ ਭਾਸ਼ਾਵਾ ਵਿੱਚ ਵੰਡੇ ਜਾਣ। ਨਗਰ ਕੀਰਤਨ ਦੇ ਸ਼ੋਭਨੀਕ ਸਰੂਪ ਦੀ ਮਹੱਤਤਾ ਇਹ ਵੀ ਹੈ ਕਿ ਸੰਗਤਾਂ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਮਗਰ ਤੁਰਨ, ਨਾ ਕਿ ਜ਼ਿਆਦਾ ਤਾਦਾਦ ਵਿੱਚ ਗੱਡੀਆਂ ਚੱਲਣ। ਚੱਲਦਿਆਂ ਹੋਇਆਂ ਇਹ ਵੀ ਖਿਆਲ ਰੱਖਿਆ ਜਾਏ ਕਿ ਅਸੀਂ ਗੁਰਬਾਣੀ ਤੇ ਨਗਰ ਕੀਰਤਨ ਦਾ ਸਤਿਕਾਰ ਕਰਦੇ ਹੋਏ ਸਿਰ ਢੱਕੇ ਹਨ ਅਤੇ ਕਿਸੇ ਵੀ ਕਿਸਮ ਦੇ 'ਨਸ਼ਾ ਸੇਵਨ ਤੋਂ ਮੁਕਤ' ਹਾਂ। ਸਿੱਖੀ ਵਿੱਚ ਨਸ਼ਾ ਵਿਵਰਜਤ ਹੈ ਅਤੇ ਇਹ ਸਿਹਤ ਅਤੇ ਮਾਹੌਲ ਖਰਾਬ ਕਰਦਾ ਹੈ। ਨਗਰ ਕੀਰਤਨ ਮੌਕੇ ਕਈ ਵਾਰ ਗੁਰਬਾਣੀ ਪ੍ਰਚਾਰ ਦੀ ਥਾਂ 'ਤੇ ਵੱਖ-ਵੱਖ ਫਲੋਟਾਂ 'ਤੇ ਵਪਾਰੀ-ਕਾਰੋਬਾਰੀ ਪ੍ਰਚਾਰ ਸ਼ੁਰੂ ਹੋ ਜਾਂਦੇ ਹਨ, ਜਿਨ੍ਹਾਂ ਦਾ ਨਗਰ ਕੀਰਤਨ ਨਾਲ ਸਬੰਧ ਨਹੀਂ ਹੁੰਦਾ। ਅਜਿਹਾ ਕਰਨਾ ਨਗਰ ਕੀਰਤਨ ਸਰੂਪ ਅਤੇ ਪਰਿਭਾਸ਼ਾ ਦੇ ਬਿਲਕੁਲ ਉਲਟ ਹੈ ਅਤੇ ਇਸ ਤੋਂ ਗੁਰੇਜ ਕਰਨਾ ਚਾਹੀਦਾ ਹੈ।ਨਗਰ ਕੀਰਤਨ ਦੌਰਾਨ ਸਟੇਜਾਂ ਤੋਂ ਭੰਗੜੇ ਜਾਂ ਗਿੱਧੇ ਆਦਿਕ ਨਾਚਾਂ ਦੀਆਂ ਪੇਸ਼ਕਾਰੀਆਂ ਨਗਰ ਕੀਰਤਨ ਦੇ ਸਰੂਪ ਦੇ ਅਨੁਕੂਲ ਨਹੀਂ। ਇਨ੍ਹਾਂ ਦੀ ਥਾਂ ਦਸਤਾਰਾਂ ਸਜਾਉਣ, ਬੀਰ-ਰਸੀ ਵਾਰਾਂ ਗਾਉਣ ਅਤੇ ਸਿੱਖ ਮਾਰਸ਼ਲ ਆਰਟਸ ਗੱਤਕੇ ਦੇ ਜੌਹਰ ਦਿਖਾਉਣ ਨੂੰ ਪ੍ਰਚਾਰਨਾ ਚਾਹੀਦਾ ਹੈ। ਲੋਕ ਨਾਚ ਪੰਜਾਬੀ ਸੱਭਿਆਚਾਰ ਦਾ ਹਿੱਸਾ ਹਨ ਅਤੇ ਇਨ੍ਹਾਂ ਦੀ ਪੇਸ਼ਕਾਰੀ ਨਗਰ ਕੀਰਤਨ ਦੀ ਜਗ੍ਹਾ, ਵੱਖਰੇ ਮੰਚਾਂ ਤੋਂ ਹੋਣੀ ਚਾਹੀਦੀ ਹੈ। ਇਹ ਨਾ ਵਿਵਾਦ ਦਾ ਵਿਸ਼ਾ ਹੋਣਾ ਚਾਹੀਦਾ ਹੈ ਤੇ ਨਾ ਹੀ ਇਸ 'ਤੇ ਕੋਈ ਸੁਆਲ ਹੀ ਉੱਠਣ ਦੀ ਗੁੰਜਾਇਸ਼ ਹੈ, ਕਿਉਂਕਿ ਨਗਰ ਕੀਰਤਨ ਦਾ ਭਾਵ ਕੀਰਤਨ ਤੋਂ ਹੈ, ਜੋ ਨਗਰ 'ਚੋਂ ਗੁਜ਼ਰਦਿਆਂ ਸ਼ਰਧਾ-ਸਤਿਕਾਰ ਅਤੇ ਪ੍ਰੇਮ -ਰਸ ਵਿੱਚ ਭਿੱਜ ਕੇ ਕੀਤਾ ਜਾਂਦਾ ਹੈ।

ਸਿੱਖ ਵਿਰਸੇ ਅਤੇ ਇਤਿਹਾਸ ਨਾਲ ਸਬੰਧਤ ਵਿਚਾਰਾਂ, ਨਗਰ ਕੀਰਤਨ ਦਾ ਮੂਲ ਮਨੋਰਥ ਹੋਣੀਆਂ ਚਾਹੀਦੀਆਂ ਹਨ, ਜਿਹਨਾਂ ਵਿੱਚ ਸਿੱਖ ਕੌਮ ਦੇ ਲੰਮੇ ਸੰਘਰਸ਼ ਅਤੇ ਚੁਣੌਤੀਆਂ ਸਬੰਧੀ ਖਾਲਸੇ ਦੇ ਨੁਕਤਾ-ਨਿਗਾਹ ਤੋਂ ਵਿਚਾਰਾਂ ਹੋਣ। ਇੱਥੇ ਇਹ ਚੰਗੀ ਗੱਲ ਹੈ ਕਿ ਜੇਕਰ ਵੱਖ- ਵੱਖ ਸਟੇਜਾਂ ਤੋਂ ਨਗਰ ਕੀਰਤਨ ਦੇ ਇਤਿਹਾਸਕ ਮਹੱਤਵ ਅਤੇ ਸਿੱਖੀ ਨਾਲ ਸਬੰਧਤ ਕਾਰਜਾਂ ਬਾਰੇ ਸੰਬੰਧਿਤ ਧਿਰਾਂ ਵੱਲੋਂ ਨਿਭਾਈਆਂ ਜਾ ਰਹੀਆਂ ਭੂਮਿਕਾਵਾਂ ਦੀ ਜਾਣਕਾਰੀ ਦਿੱਤੀ ਜਾਵੇ, ਨਾ ਕਿ 'ਨਿੱਜੀ ਪ੍ਰਚਾਰ' ਨਗਰ ਕੀਰਤਨ ਦਾ ਕੇਂਦਰ ਬਿੰਦੂ ਹੋਣ। ਸੰਗਤ ਰੂਪ ਵਿੱਚ ਨਗਰ ਕੀਰਤਨ ਦੀ ਪਰਿਭਾਸ਼ਾ ਅਤੇ ਸਰੂਪ ਦੇ ਅਨੁਕੂਲ ਚੱਲਦਿਆਂ ਇਹ ਯਤਨ ਹੋਵੇ ਕਿ ਇਹ ਮਨੋਰੰਜਨ ਦਾ ਕੇਂਦਰ ਬਿੰਦੂ ਨਾ ਹੋ ਕੇ, ਮਹਾਨ ਵਿਰਸੇ ਦੀ ਇਤਿਹਾਸਕ ਜਾਣਕਾਰੀ ਦਾ ਕੇਂਦਰ ਹੈ।ਅਜਿਹੀ ਸੋਚ ਨਾਲ ਹੀ ਨਗਰ ਕੀਰਤਨ ਵਿੱਚ ਸ਼ਾਮਲ ਹੋਇਆ ਜਾਵੇ।

ਨਗਰ ਕੀਰਤਨ ਮੌਕੇ ਥਾਂ-ਥਾਂ ਲੱਗੇ ਸਟਾਲਾਂ ਦੀ ਸੇਵਾ ਜਿੱਥੇ ਬਹੁਤ ਅਹਿਮ ਹੈ, ਉੱਥੇ ਇਹ ਵੀ ਖਿਆਲ ਰੱਖਿਆ ਜਾਵੇ ਕਿ 'ਨਿਰਾ ਭੋਜਨ ਵੰਡਣ' 'ਤੇ ਹੀ ਅਸੀਂ ਕੇਂਦਰਿਤ ਨਾ ਹੋ ਜਾਈਏ, ਸਗੋਂ 'ਸ਼ਬਦ ਦੇ ਲੰਗਰ' ਭਾਵ ਕਿਤਾਬਾਂ ਦੇ ਸਟਾਲ ਵੱਧ ਤੋਂ ਵੱਧ ਲਗਾਏ ਜਾਣ। ਕੌੜੀ ਸਚਾਈ ਹੈ ਕਿ ਨਗਰ ਕੀਰਤਨ ਮੌਕੇ ਵਧੇਰੇ ਲੋਕ ਭੋਜਨ ਦੇ ਸਟਾਲਾਂ 'ਤੇ ਹੀ ਇਕੱਤਰ ਹੁੰਦੇ ਹਨ। ਕਈ ਵਾਰ ਤਾਂ ਇੰਝ ਜਾਪਦਾ ਹੈ ਜਿਵੇਂ ਹੱਦੋਂ ਵੱਧ ਖਾ ਕੇ, ਇੱਕੋ ਦਿਨ ਵਿੱਚ ਸਾਰੀ ਭੁੱਖ ਪੂਰੀ ਕਰਨੀ ਹੋਵੇ। ਖਾਣ-ਪੀਣ ਦੇ ਸਟਾਲਾਂ ਵਿਚ ਵੀ ਪੌਸ਼ਟਿਕ ਭੋਜਨ ਦੀ ਥਾਂ, ਸੁਆਦਲੇ ਭੋਜਨ 'ਤੇ ਵਧੇਰੇ ਜ਼ੋਰ ਦਿੱਤਾ ਜਾਂਦਾ ਹੈ ਅਤੇ ਲੋਕ ਪੂੜੀਆਂ, ਸਮੋਸੇ, ਟਿੱਕੀਆਂ ਦੇ ਸਟਾਲਾਂ ਤੇ ਵੱਡੀ ਤਾਦਾਦ ਵਿੱਚ ਨਜ਼ਰ ਆਉਂਦੇ ਹਨ। ਦੂਜੇ ਪਾਸੇ ਇਹ ਵੀ ਸੱਚ ਹੈ ਕਿ ਨਗਰ ਕੀਰਤਨ ਮੌਕੇ ਫ਼ਲ ਫਰੂਟ ਅਤੇ ਸਲਾਦ ਆਦਿ ਦੇ ਸਟਾਲਾਂ 'ਤੇ ਰੌਣਕ ਨਜ਼ਰ ਨਹੀਂ ਆਉਂਦੀ। ਤੇਲ ਵਾਲੀਆਂ ਚੀਜ਼ਾਂ ਅਤੇ ਸ਼ੂਗਰ ਵਾਲੇ ਪਦਾਰਥ ਇੱਕੋ ਦਿਨ ਵਿੱਚ ਖਾ ਕੇ ਲੋਕ ਕਿੰਨਾ ਸਰੀਰਕ ਨੁਕਸਾਨ ਕਰਦੇ ਹਨ, ਇਸ ਦਾ ਅੰਦਾਜ਼ਾ ਲਾਉਣਾ ਵੀ ਔਖਾ ਹੈ। ਇਸ ਤੋਂ ਇਲਾਵਾ ਖਾਣ-ਪੀਣ ਲਈ ਜਿੱਥੇ ਸਾਫ਼ ਸਫ਼ਾਈ ਦਾ ਖ਼ਿਆਲ ਰੱਖਣਾ ਬੜਾ ਉਚਿਤ ਹੈ, ਉੱਥੇ ਪਲਾਸਟਿਕ ਦੀ ਵਰਤੋਂ ਕਰਕੇ ਵਾਤਾਵਰਣ ਨੂੰ ਪ੍ਰਦੂਸ਼ਤ ਕਰਨਾ ਵੀ ਗਲਤ ਹੈ।

ਇਸ ਤੋਂ ਗੁਰੇਜ਼ ਕੀਤਾ ਜਾਣਾ ਬਣਦਾ ਹੈ। ਗੁਰਬਾਣੀ ਦੀਆਂ ਪੰਗਤੀਆਂ ਤੇ ਗੁਰਮੁੱਖੀ ਅੱਖਰਾਂ ਦਾ ਸਤਿਕਾਰ ਕਰਨਾ ਵੀ ਸਾਡਾ ਫਰਜ਼ ਹੈ। ਆਮ ਦੇਖਿਆ ਜਾਂਦਾ ਹੈ ਕਿ ਅਜਿਹੇ ਮੌਕਿਆਂ 'ਤੇ ਅਜਿਹੇ ਦਸਤਾਵੇਜ਼ ਪੈਰਾਂ ਵਿੱਚ ਰੁਲ ਰਹੇ ਹੁੰਦੇ ਹਨ, ਜੋ ਕਿ ਗੁਰਮੁਖੀ ਅਤੇ ਪੰਜਾਬੀ ਦਾ ਨਿਰਾਦਰ ਹੈ। ਖਾਲਸਾ ਦਿਹਾੜੇ ਦੇ ਨਗਰ ਕੀਰਤਨ ਵਿੱਚ ਸਿੱਖ ਸੰਗਤਾਂ ਅਤੇ ਹੋਰਨਾਂ ਕੌਮਾਂ ਦੇ ਲੋਕਾਂ ਨੂੰ ਇਸ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਜਾਏ।

ਖ਼ਾਲਸਾ ਦਿਵਸ ਜਿੱਥੇ ਇੱਕ ਪਾਸੇ ਜ਼ਾਤ-ਪਾਤ ਦੇ ਵਿਤਕਰੇ ਨੂੰ ਸਦਾ ਲਈ ਖਤਮ ਕਰਨ ਦਾ ਸੁਨੇਹਾ ਹੈ, ਓਥੇ ਦੂਜੇ ਪਾਸੇ ਜ਼ਾਲਮ ਸਰਕਾਰਾਂ ਦੀ ਧੱਕੇਸ਼ਾਹੀ ਖ਼ਿਲਾਫ਼ ਸਿੱਖ ਇਨਕਲਾਬ ਹੈ। ਦੁੱਖ ਇਸ ਗੱਲ ਦਾ ਹੈ ਕਿ ਅੱਜ ਫਿਰ ਭਾਰਤ ਦਾ ਭਗਵਾਂਕਰਨ ਹੋ ਚੁੱਕਿਆ ਹੈ। ਮਨੂ ਸਮ੍ਰਿਤੀ ਤ੍ਰਿਸ਼ੂਲ ਚੁੱਕੀ ਫਿਰ ਰਹੀ ਹੈ। ਨਫਰਤ ਵਧ ਰਹੀ ਹੈ। ਉਚ ਜਾਤੀਏ ਦੱਬੇ-ਕੁਚਲੇ ਭਾਈਚਾਰੇ ਦੇ ਲੋਕਾਂ 'ਤੇ ਜ਼ੁਲਮ ਕਰ ਰਹੇ ਹਨ। ਘੱਟ ਗਿਣਤੀਆਂ ਦਾ ਘਾਣ ਹੋ ਰਿਹਾ ਹੈ। ਪੰਜਾਬ ਵਿੱਚ ਸਿੱਖ ਨੌਜਵਾਨਾਂ ਖ਼ਿਲਾਫ਼ ਕਾਲੇ ਕਾਨੂੰਨ ਨੈਸ਼ਨਲ ਸਕਿਉਰਟੀ ਐਕਟ ਆਦਿ ਲਗਾਏ ਜਾ ਰਹੇ ਹਨ। ਜਬਰ ਖਿਲਾਫ ਲਾਮਬੰਦ ਕਰਨ ਲਈ ਜ਼ਰੂਰੀ ਹੈ ਕਿ ਨਗਰ ਕੀਰਤਨ ਮੌਕੇ ਝਾਕੀਆਂ ਦੌਰਾਨ ਅਜਿਹੇ ਸਰਕਾਰੀ ਤਸ਼ੱਦਦ ਤੋਂ ਸਿੱਖ ਸੰਗਤਾਂ ਅਤੇ ਹੋਰਨਾਂ ਕੌਮਾਂ ਨੂੰ ਜਾਣੂੰ ਕਰਵਾਇਆ ਜਾਏ।

ਜ਼ੁਲਮ ਦੇ ਖਿਲਾਫ਼ ਇਤਿਹਾਸ ਅਤੇ ਵਿਰਸੇ ਬਾਰੇ ਗਿਆਨ ਦਾ ਪਾਸਾਰ ਕਰਨਾ ਨਗਰ ਕੀਰਤਨ ਦਾ ਮਨੋਰਥ ਹੈ, ਨਾ ਕਿ ਮੌਜ-ਮੇਲਿਆਂ ਨੂੰ ਨਗਰ ਕੀਰਤਨ ਆਖਣਾ ਠੀਕ ਹੈ। ਅੱਜ ਦੀ ਨੌਜਵਾਨ ਪੀੜ੍ਹੀ ਨੂੰ ਖਾਲਸਾ ਦਿਹਾੜੇ ਦੇ ਮੁਕੰਮਲ ਇਤਿਹਾਸ ਤੋਂ ਭਾਵਪੂਰਤ ਢੰਗ ਨਾਲ ਜਾਣੂ ਕਰਵਾਇਆ ਜਾਣਾ ਬਹੁਤ ਜ਼ਰੂਰੀ ਹੈ। ਇਹ ਤਦ ਹੀ ਹੋ ਸਕਦਾ ਹੈ ਜੇ ਸਾਨੂੰ ਆਪ ਨੂੰ ਆਪਣੇ ਮਹਾਨ ਵਿਰਸੇ ਦੀ ਸੋਝੀ ਹੋਵੇ। ਜਿਹੜੇ ਸਕੂਲਾਂ- ਅਕੈਡਮੀਆਂ ਦੇ ਬੱਚੇ ਇਤਿਹਾਸ ਦੀ ਜਾਣਕਾਰੀ ਨਾਲ ਸਜ-ਧਜ ਕੇ ਖਾਲਸਾਈ ਪਹਿਰਾਵੇ ਵਿੱਚ ਨਗਰ ਕੀਰਤਨ ਦੀ ਸ਼ੋਭਾ ਵਧਾਉਂਦੇ ਹਨ, ਉਨ੍ਹਾਂ ਦੇ ਮਾਪੇ ਅਤੇ ਪ੍ਰਬੰਧਕ ਵਧਾਈ ਦੇ ਪਾਤਰ ਹਨ।



ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਮੌਕੇ ਹਉਮੈ, ਹੰਕਾਰ ਅਤੇ ਕ੍ਰੋਧ ਦੀ ਥਾਂ ਨਿਮਰਤਾ, ਸਤਿਕਾਰ ਅਤੇ ਪ੍ਰੇਮ ਨਾਲ ਸ਼ਾਮਿਲ ਹੋਣਾ ਚਾਹੀਦਾ ਹੈ। ਤਦ ਹੀ ਅਸੀਂ ਨਗਰ ਕੀਰਤਨ ਦੀ ਸ਼ਾਨ ਅਤੇ ਗੁਰੂ ਦੇ ਸਤਿਕਾਰ ਦੇ ਧਾਰਨੀ ਹੋ ਸਕਦੇ ਹਾਂ।

ਡਾ. ਗੁਰਵਿੰਦਰ ਸਿੰਘ









# ਅਮਰੀਕਾ-ਈਰਾਨ ਸੰਘਰਸ਼-ਵਿਰਾਮ:ਅਮਰੀਕੀ ਸਿਆਸਤਦਾਨਾਂ 'ਚ ਤਿੱਖੀ ਬਹਿਸ

ਵਾਸ਼ਿੰਗਟਨ-ਰਾਸ਼ਟਰਪਤੀ ਡੋਨਾਲਡ ਟਰੰਪ ਦੁਆਰਾ ਅਮਰੀਕਾ ਅਤੇ ਈਰਾਨ ਵਿਚਾਲੇ ਦੋ ਹਫ਼ਤਿਆਂ ਦੇ ਸੰਘਰਸ਼-ਵਿਰਾਮ ਦੇ ਐਲਾਨ ਨੇ ਅਮਰੀਕੀ ਸਿਆਸੀ ਹਲਕਿਆਂ ਵਿਚ ਹਲਚਲ ਪੈਦਾ ਕਰ ਦਿੱਤੀ ਹੈ। ਜਿੱਥੇ ਕੁਝ ਸੰਸਦ ਮੈਂਬਰ ਇਸ ਕੂਟਨੀਤਕ ਕਦਮ ਦਾ ਸਵਾਗਤ ਕਰ ਰਹੇ ਹਨ, ਉੱਥੇ ਹੀ ਕੁਝ ਹੋਰਾਂ ਨੇ ਇਸ ਸਬੰਧੀ ਸਖ਼ਤ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ। ਇਸ ਐਲਾਨ ਅਨੁਸਾਰ, ਵਾਸ਼ਿੰਗਟਨ ਅਤੇ ਤੇਹਰਾਨ 10-ਨੁਕਾਤੀ ਪ੍ਰਸਤਾਵ 'ਤੇ ਕੰਮ ਕਰਨ ਅਤੇ ਹੋਰਮੁਜ਼ ਜਲਡਮਰੂ ਨੂੰ ਮੁੜ ਖੋਲ੍ਹਣ ਲਈ ਸਹਿਮਤ ਹੋਏ ਹਨ।

ਮੋਰਗਨ ਗ੍ਰਿਫਿਥ (ਰਿਪਬਲਿਕਨ) ਨੇ ਇਸ ਕਦਮ ਦਾ ਸਵਾਗਤ ਕਰਦਿਆਂ ਕਿਹਾ ਕਿ ਅਮਰੀਕੀ ਫੌਜੀ ਦਬਾਅ ਕਾਰਨ ਹੀ ਈਰਾਨ ਗੋਡਿਆਂ ਭਾਰ ਹੋਇਆ ਅਤੇ ਗੱਲਬਾਤ ਲਈ ਮੇਜ਼ 'ਤੇ ਆਉਣ ਲਈ ਮਜਬੂਰ ਹੋਇਆ। ਉਨ੍ਹਾਂ ਉਮੀਦ ਜਤਾਈ ਕਿ ਇਸ ਗੱਲਬਾਤ ਦਾ ਨਤੀਜਾ ਈਰਾਨ ਦੀ ਪਰਮਾਣੂ ਸਮਰੱਥਾ ਨੂੰ ਖ਼ਤਮ ਕਰਨ ਵਿਚ ਨਿਕਲੇਗਾ।

ਬ੍ਰਾਇਨ ਫਿਟਜ਼ਪੈਟਰਿਕ (ਪੈਨਸਿਲਵੇਨੀਆ) ਨੇ ਇਸ ਨੂੰ ਇੱਕ "ਰਚਨਾਤਮਕ ਕਦਮ" ਦੱਸਿਆ, ਜੋ ਅਮਰੀਕੀ ਨਾਗਰਿਕਾਂ ਦੀ ਜਾਨ ਬਚਾ ਸਕਦਾ ਹੈ। ਹਾਲਾਂਕਿ, ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਈਰਾਨ ਨੂੰ ਕਦੇ ਵੀ ਪਰਮਾਣੂ ਹਥਿਆਰ ਹਾਸਲ ਨਹੀਂ ਕਰਨ ਦੇਣੇ ਚਾਹੀਦੇ ਅਤੇ ਕਾਂਗਰਸ ਨੂੰ ਇਸ ਸਥਿਤੀ 'ਤੇ ਸਖ਼ਤ ਨਿਗਰਾਨੀ ਰੱਖਣੀ ਚਾਹੀਦੀ ਹੈ।

ਲਿੰਡਸੇ ਗ੍ਰਾਹਮ (ਸੈਨੇਟਰ) ਨੇ ਕੂਟਨੀਤੀ ਨੂੰ ਪਹਿਲ ਦੇਣ ਦੀ ਗੱਲ ਕਹੀ ਪਰ ਨਾਲ ਹੀ ਇਹ ਵੀ ਕਿਹਾ ਕਿ ਉਹ ਇਸ ਗੱਲ ਨੂੰ ਲੈ ਕੇ ਬੇਹੱਦ ਸਾਵਧਾਨ ਹਨ ਕਿ ਮੌਜੂਦਾ ਹਾਲਾਤ ਵਿਚ ਕੀ ਸੱਚ ਹੈ ਅਤੇ ਕੀ ਸਿਰਫ਼ ਦਿਖਾਵਾ।ਉਥੇ ਹੀ ਦੂਜੇ ਪਾਸੇ ਫ੍ਰੈਂਕ ਮ੍ਰਿਵਾਨ (ਇੰਡੀਆਨਾ) ਨੇ ਪ੍ਰਸ਼ਾਸਨ 'ਤੇ ਬਿਨਾਂ ਕਿਸੇ ਸਪੱਸ਼ਟ ਉਦੇਸ਼ ਦੇ ਕੰਮ ਕਰਨ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਟਰੰਪ ਦੀ ਖ਼ਤਰਨਾਕ ਬਿਆਨਬਾਜ਼ੀ ਸਥਿਤੀ ਨੂੰ ਹੋਰ ਵਿਗਾੜ ਰਹੀ ਹੈ ਅਤੇ ਅਮਰੀਕੀ ਲੋਕ ਪਹਿਲਾਂ ਹੀ ਗੈਸ ਅਤੇ ਰਾਸ਼ਨ ਦੀਆਂ ਵਧਦੀਆਂ ਕੀਮਤਾਂ ਰਾਹੀਂ ਇਸ ਦਾ ਨਤੀਜਾ ਭੁਗਤ ਰਹੇ ਹਨ।

ਲੀਜ਼ਾ ਮੁਰਕੋਵਸਕੀ (ਸੈਨੇਟਰ) ਨੇ ਰਾਸ਼ਟਰਪਤੀ ਦੀ ਬਿਆਨਬਾਜ਼ੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਇਹ ਅਮਰੀਕੀ ਆਦਰਸ਼ਾਂ ਦਾ ਅਪਮਾਨ ਹੈ ਅਤੇ ਦੁਨੀਆਂ ਭਰ ਵਿਚ ਅਮਰੀਕੀਆਂ ਨੂੰ ਖ਼ਤਰੇ ਵਿਚ ਪਾਉਂਦਾ ਹੈ।

ਰੂਬੇਨ ਗੈਲੇਗੋ (ਏਰੀਜ਼ੋਨਾ) ਨੇ ਟਰੰਪ ਦੀ 'ਪੂਰੀ ਸੱਭਿਅਤਾ' ਖ਼ਤਮ ਕਰਨ ਦੀ ਧਮਕੀ ਨੂੰ ਗੈਰ-ਕਾਨੂੰਨੀ ਅਤੇ ਅਮਰੀਕੀ ਕਦਰਾਂ-ਕੀਮਤਾਂ ਦੇ ਵਿਰੁੱਧ ਦੱਸਿਆ।

ਇਹ ਸੰਘਰਸ਼-ਵਿਰਾਮ ਅਜਿਹੇ ਸਮੇਂ ਆਇਆ ਹੈ, ਜਦੋਂ ਹੋਰਮੁਜ਼ ਜਲਡਮਰੂ ਵਿਚ ਤਣਾਅ ਕਾਰਨ ਵਿਸ਼ਵ ਤੇਲ ਬਾਜ਼ਾਰ ਪ੍ਰਭਾਵਿਤ ਹੋ ਰਹੇ ਹਨ। ਇਸ ਮਾਰਗ ਵਿਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਦਾ ਸਿੱਧਾ ਅਸਰ ਭਾਰਤ ਵਰਗੇ ਦੇਸ਼ਾਂ 'ਤੇ ਪੈਂਦਾ ਹੈ, ਜੋ ਆਪਣੀ ਕੱਚੇ ਤੇਲ ਦੀਆਂ ਲੋੜਾਂ ਲਈ ਇਸ ਖੇਤਰ 'ਤੇ ਨਿਰਭਰ ਹਨ।


• ਇੰਸ਼ੋਰੈਂਸ ਦੀਆਂ ਸਾਰੀਆਂ ਵੱਡੀਆਂ ਪਲੈਨਾਂ ਲੈਂਦੇ ਹਾਂ • ਅਸੀਂ ਪੰਜਾਬੀ, ਹਿੰਦੀ ਅਤੇ ਉਰਦੂ ਬੋਲਦੇ ਹਾਂ

• ਸ਼ਾਮ ਅਤੇ ਵੀਕਐਂਡ ਦੀਆਂ ਅਪਾਇੰਟਮੈਂਟਾਂ ਉਪਲਬੱਧ ਹਨ • ਸਕਾਟ ਰੋਡ ਗੁਰਦਵਾਰਾ ਦੇ ਨੇੜੇ, ਸਤਨਾਮ ਪਲਾਜ਼ਾ ਵਿੱਚ

ਪਿਛਲੇ 10 ਸਾਲਾਂ ਤੋਂ ਉੱਪਰ ਸੇਵਾਵਾਂ ਪ੍ਰਦਾਨ ਕਰਦੇ ਆ ਰਹੇ ਹਾਂ




ਸੇਵਾਵਾਂ :
- ਜਾੜ ਭਰਨੀ
- ਦੰਦ ਕੱਢਣੇ
- ਕਰਾਊਨ ਤੇ ਬ੍ਰਿਜ
- ਡਿਜੀਟਲ ਐਕਸਰੇ
- ਵਾਈਟ ਫਿਲਿੰਗਸ
- ਦੰਦਾਂ ਦੀ ਸਫਾਈ ਅਤੇ ਚੈੱਕਅੱਪ

SERVICES:
- Extractions
- White Fillings
- Root Canals
- Crown & Bridge
- Digital X-Rays
- Teeth Cleaning & Checkup

- All Major Insurance Plans Accepted
- Punjabi, Hindi, Urdu Spoken
- New Patients Welcome

Evening & Weekend Appointment Available

Practising For Over 10 Years

ਇਮਰਜੈਂਸੀ ਅਪਾਇੰਟਮੈਂਟਾਂ ਉਪਲਬੱਧ ਹਨ

EVERSHINE
FAMILY DENTISTRY
ਤੁਹਾਡੇ ਪਰਿਵਾਰ ਲਈ...ਤੰਦਰੁਸਤ ਤੇ ਸੁੰਦਰ ਮੁਸਕਾਨ




604.593.6515

#111 - 7130 120th Street, Surrey, BC
Near Guru Nanak Sikh Gurdwara
Ground Floor of Satnam Plaza

(FREE AMPLE PARKING)



Dr. Anjanpal Kaur Bhalla

www.evershinedental.ca

ਡਾ. ਅੰਜਨਪਾਲ ਕੌਰ ਭੱਲਾ


## ਕੈਲੀਫੋਰਨੀਆ 'ਚ ਗੈਂਗਸਟਰ ਭਾਨੂ ਰਾਣਾ ਦਾ ਗੋਲੀਆਂ ਮਾਰ ਕੇ ਕਤਲ
## ਬਿਸ਼ਨੋਈ ਗੈਂਗ ਨੇ ਸੋਸ਼ਲ ਮੀਡੀਆ ਰਾਹੀਂ ਕਤਲ ਦੀ ਜ਼ਿੰਮੇਵਾਰੀ ਲਈ

ਕੈਲੀਫੋਰਨੀਆ- ਭਾਰਤ ਦੇ ਸਭ ਤੋਂ ਖ਼ਤਰਨਾਕ ਗੈਂਗਸਟਰ ਲਾਰੈਂਸ ਬਿਸ਼ਨੋਈ ਦੇ ਗੈਂਗ ਨੇ ਹੁਣ ਸੱਤ ਸਮੁੰਦਰ ਪਾਰ ਅਮਰੀਕਾ ਦੀ ਧਰਤੀ 'ਤੇ ਵੀ ਆਪਣੀ ਦਹਿਸ਼ਤ ਦਾ ਸਬੂਤ ਦਿੱਤਾ ਹੈ। ਅਮਰੀਕਾ ਦੇ ਕੈਲੀਫੋਰਨੀਆ ਸਟੇਟ ਵਿਚ ਹਰਿਆਣਾ ਦੇ ਰਹਿਣ ਵਾਲੇ ਗੈਂਗਸਟਰ ਭਾਨੂ ਰਾਣਾ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਹੈ। ਬਿਸ਼ਨੋਈ ਗੈਂਗ ਨੇ ਸੋਸ਼ਲ ਮੀਡੀਆ ਰਾਹੀਂ ਇਸ ਕਤਲ ਦੀ ਜ਼ਿੰਮੇਵਾਰੀ ਲਈ ਹੈ।ਜਾਣਕਾਰੀ ਅਨੁਸਾਰ ਭਾਨੂ ਰਾਣਾ ਕੈਲੀਫੋਰਨੀਆ ਵਿਚ ਲੁਕਿਆ ਹੋਇਆ ਸੀ, ਜਿੱਥੇ ਅਣਪਛਾਤੇ ਹਮਲਾਵਰਾਂ ਨੇ ਉਸ 'ਤੇ ਅੰਨ੍ਹੇਵਾਹ ਫਾਈਰਿੰਗ ਕਰ ਦਿੱਤੀ ਤੇ ਭਾਨੂ ਰਾਣਾ ਦੀ ਮੌਕੇ 'ਤੇ ਹੀ ਮੌਤ ਹੋ ਗਈ। ਕਤਲ ਤੋਂ ਕੁਝ ਦੇਰ ਬਾਅਦ ਹੀ ਲਾਰੈਂਸ ਬਿਸ਼ਨੋਈ ਗੈਂਗ ਨਾਲ ਸਬੰਧਤ ਇੱਕ ਫੇਸਬੁੱਕ ਪੋਸਟ ਸਾਹਮਣੇ ਆਈ, ਜਿਸ 'ਚ ਲਿਖਿਆ ਸੀ ਕਿ ਭਾਨੂ ਰਾਣਾ ਉਨ੍ਹਾਂ ਦੇ ਦੁਸ਼ਮਣ ਗੈਂਗਾਂ (ਬੰਬੀਹਾ ਗੈਂਗ) ਦੀ ਮਦਦ ਕਰ ਰਿਹਾ ਸੀ ਅਤੇ ਉਨ੍ਹਾਂ ਦੇ ਰਾਹ ਵਿਚ ਰੋੜਾ ਬਣ ਰਿਹਾ ਸੀ, ਜਿਸ ਕਾਰਨ ਉਸ ਨੂੰ ਸਜ਼ਾ ਦਿੱਤੀ ਗਈ ਹੈ। ਪੋਸਟ ਵਿਚ ਇਹ ਵੀ ਚਿਤਾਵਨੀ ਦਿੱਤੀ ਗਈ ਹੈ ਕਿ "ਜੋ ਵੀ ਸਾਡੇ ਖ਼ਿਲਾਫ਼ ਜਾਵੇਗਾ, ਉਸ ਦਾ ਹਾਲ ਇਹੀ ਹੋਵੇਗਾ।"ਜ਼ਿਕਰਯੋਗ ਹੈ ਕਿ ਭਾਨੂ ਰਾਣਾ ਹਰਿਆਣਾ ਦੇ ਕੈਥਲ ਜ਼ਿਲ੍ਹੇ ਦਾ ਰਹਿਣ ਵਾਲਾ ਸੀ ਅਤੇ ਭਾਰਤ ਵਿਚ ਕਤਲ, ਫਿਰੌਤੀਆਂ ਸਣੇ ਕਈ ਅਪਰਾਧਿਕ ਮਾਮਲਿਆਂ ਵਿਚ ਲੋੜੀਂਦਾ ਸੀ। ਉਹ ਫਰਜ਼ੀ ਪਾਸਪੋਰਟ ਰਾਹੀਂ ਅਮਰੀਕਾ ਫਰਾਰ ਹੋ ਗਿਆ ਸੀ। ਇਹ ਵਾਰਦਾਤ ਅਜਿਹੇ ਸਮੇਂ ਵਾਪਰੀ ਹੈ, ਜਦੋਂ ਭਾਰਤ ਪਹਿਲਾਂ ਹੀ ਲਾਰੈਂਸ ਬਿਸ਼ਨੋਈ ਗੈਂਗ ਦੇ ਵਿਦੇਸ਼ਾਂ ਵਿਚ ਫੈਲੇ ਨੈੱਟਵਰਕ ਨੂੰ ਤੋੜਨ ਲਈ ਅਮਰੀਕੀ ਅਤੇ ਕੈਨੇਡੀਅਨ ਏਜੰਸੀਆਂ ਨਾਲ ਤਾਲਮੇਲ ਕਰ ਰਿਹਾ ਹੈ। ਸਿੱਧੂ ਮੂਸੇਵਾਲਾ ਕਤਲ ਕਾਂਡ ਤੋਂ ਬਾਅਦ ਇਹ ਗੈਂਗ ਲਗਾਤਾਰ ਵਿਦੇਸ਼ਾਂ ਵਿਚ ਆਪਣੇ ਵਿਰੋਧੀਆਂ ਨੂੰ ਨਿਸ਼ਾਨਾ ਬਣਾ ਰਿਹਾ ਹੈ।ਫਿਲਹਾਲ ਕੈਲੀਫੋਰਨੀਆ ਪੁਲਿਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਅਮਰੀਕੀ ਜਾਂਚ ਏਜੰਸੀਆਂ ਇਸ ਗੱਲ ਦੀ ਜਾਂਚ ਕਰ ਰਹੀਆਂ ਹਨ ਕਿ ਭਾਰਤ ਦੀ ਇੱਕ ਗੈਂਗ ਨੇ ਅਮਰੀਕਾ ਵਿਚ ਸ਼ੂਟਰਾਂ ਦਾ ਪ੍ਰਬੰਧ ਕਿਵੇਂ ਕੀਤਾ ਅਤੇ ਇਸ ਕਤਲ ਦੇ ਤਾਰ ਕਿੱਥੇ ਜੁੜੇ ਹੋਏ ਹਨ।


ਗੁਰੂ ਨਾਨਕ ਗੁਰਸਿੱਖ ਗੁਰਦੁਆਰਾ

ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)

176 E Pole Road / 6934 Meridian St Lynden, WA. 98264 (Bellingham)



11 ਅਪ੍ਰੈਲ ਦਿਨ ਸ਼ਨਿੱਚਰਵਾਰ ਸਵੇਰੇ ਜਸਵਿੰਦਰ ਸਿੰਘ ਬਰਾੜ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ

12 ਅਪ੍ਰੈਲ ਦਿਨ ਐਤਵਾਰ ਹਫਤਾਵਾਰੀ ਦੀਵਾਨ ਸਜਣਗੇ ਅਤੇ ਲੰਗਰਾਂ ਦੀ ਸੇਵਾ ਸ. ਗੁਰਮੇਲ ਸਿੰਘ ਗਿੱਲ ਪਰਿਵਾਰ ਵੱਲੋਂ ਹੋਵੇਗੀ

ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184

ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਦੁਨੀਆਂ ਭਰ ਦੇ 58% ਦੇਸ਼ਾਂ ਨੇ ਸਕੂਲਾਂ 'ਚ ਮੋਬਾਈਲ ਫੋਨਾਂ 'ਤੇ ਲਗਾਈਆਂ ਪਾਬੰਦੀਆਂ

ਨਿਊਯਾਰਕ/ਲੰਡਨ, - ਦੁਨੀਆਂ ਭਰ ਦੇ ਸਕੂਲਾਂ ਵਿਚ ਮੋਬਾਈਲ ਫ਼ੋਨਾਂ ਦੀ ਵਰਤੋਂ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਹਾਲ ਹੀ ਵਿਚ ਜਾਰੀ ਕੀਤੇ ਗਏ ਗਲੋਬਲ ਅੰਕੜਿਆਂ ਅਤੇ ਖੋਜਾਂ ਅਨੁਸਾਰ, ਸਕੂਲਾਂ ਵਿਚ ਸਮਾਰਟਫ਼ੋਨ 'ਤੇ ਪਾਬੰਦੀ ਲਗਾਉਣ ਨਾਲ ਵਿਦਿਆਰਥੀਆਂ ਵਿਚ ਮਾਨਸਿਕ ਤਣਾਅ ਅਤੇ ਭਟਕਣਾ (ਡਿਸਟ੍ਰੈਕਸ਼ਨ) ਘੱਟ ਹੋਈ ਹੈ ਪਰ ਮਾਹਰਾਂ ਦਾ ਮੰਨਣਾ ਹੈ ਕਿ ਸਿਰਫ਼ ਪੂਰਨ ਪਾਬੰਦੀ ਹੀ ਹਰ ਸਮੱਸਿਆ ਦਾ ਹੱਲ ਨਹੀਂ ਹੈ। ਸਕੂਲ ਵਿਚ ਫ਼ੋਨ ਬੈਨ ਵਿਦਿਆਰਥੀਆਂ ਦੀ ਭਲਾਈ ਵਿਚ ਮਦਦਗਾਰ ਹੈ ਪਰ ਇਸ ਦੇ ਨਾਲ-ਨਾਲ ਜ਼ਿੰਮੇਵਾਰ ਤਕਨੀਕੀ ਸਿਖਲਾਈ ਅਤੇ ਅਧਿਆਪਕਾਂ ਦਾ ਸਹਿਯੋਗ ਵੀ ਲਾਜ਼ਮੀ ਹੈ।

ਫਰਾਂਸ, ਚੀਨ, ਕੈਨੇਡਾ, ਡੈਨਮਾਰਕ ਅਤੇ ਇੰਗਲੈਂਡ ਵਰਗੇ ਦੇਸ਼ਾਂ ਨੇ ਸਕੂਲ ਦੇ ਸਮੇਂ ਦੌਰਾਨ ਫ਼ੋਨ ਦੀ ਵਰਤੋਂ 'ਤੇ ਸਖ਼ਤ ਸੀਮਾਵਾਂ ਲਗਾਈਆਂ ਹਨ। ਯੂਨੈਸਕੋ ਦੀ ਜੈਮ ਰਿਪੋਰਟ (ਮਾਰਚ 2026 ਤੱਕ ਦੇ ਅੰਕੜੇ) ਮੁਤਾਬਕ ਦੁਨੀਆਂ ਦੇ 58% ਦੇਸ਼ਾਂ ਨੇ ਸਕੂਲਾਂ ਵਿਚ ਫ਼ੋਨਾਂ 'ਤੇ ਰੋਕ ਲਗਾਈ ਹੋਈ ਹੈ, ਜਿਸ ਅਨੁਸਾਰ ਮੱਧ ਅਤੇ ਦੱਖਣੀ ਏਸ਼ੀਆ ਵੱਲੋਂ ਸਭ ਤੋਂ ਵੱਧ 92% ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਯੂਰਪ ਅਤੇ ਉੱਤਰੀ ਅਮਰੀਕਾ 'ਚ 86% ਸਕੂਲਾਂ ਵਿਚ ਇਹ ਨਿਯਮ ਲਾਗੂ ਹੋਇਆ ਹੈ। ਓਸ਼ੀਨੀਆ 'ਚ ਸਭ ਤੋਂ ਘੱਟ 38% ਸਕੂਲਾਂ 'ਚ ਇਹ ਪਾਬੰਦੀ ਹੈ।

ਹੰਗਰੀ ਅਤੇ ਦੱਖਣੀ ਆਸਟ੍ਰੇਲੀਆ ਵਿਚ ਹੋਏ ਅਧਿਐਨਾਂ ਨੇ ਕਈ ਹੈਰਾਨੀਜਨਕ ਤੱਥ ਪੇਸ਼ ਕੀਤੇ ਹਨ। ਜਿਸ ਮੁਤਾਬਕ ਹੰਗਰੀ ਵਿਚ ਪਾਬੰਦੀ ਤੋਂ ਪਹਿਲਾਂ 37% ਵਿਦਿਆਰਥੀ ਸਕੂਲ ਵਿਚ ਫ਼ੋਨ ਵਰਤਦੇ ਸਨ, ਜੋ ਹੁਣ ਘੱਟ ਕੇ ਸਿਰਫ਼ 4% ਰਹਿ ਗਏ ਹਨ। ਇਸ ਨਾਲ ਅਧਿਆਪਕਾਂ ਨੇ ਦੇਖਿਆ ਹੈ ਕਿ ਵਿਦਿਆਰਥੀ ਹੁਣ ਆਪਸੀ ਗੱਲਬਾਤ (ਫੇਸ-ਟੂ-ਫੇਸ) ਜ਼ਿਆਦਾ ਕਰਦੇ ਹਨ ਅਤੇ ਖੇਡਾਂ (ਜਿਵੇਂ ਸ਼ਤਰੰਜ ਤੇ ਤਾਸ਼) ਵਿਚ ਜ਼ਿਆਦਾ ਹਿੱਸਾ ਲੈ ਰਹੇ ਹਨ। ਆਸਟ੍ਰੇਲੀਆ ਵਿਚ 1,000 ਤੋਂ ਵੱਧ ਵਿਦਿਆਰਥੀਆਂ 'ਤੇ ਕੀਤੇ ਅਧਿਐਨ ਅਨੁਸਾਰ, ਵਿਦਿਆਰਥੀਆਂ ਵਿਚ ਮਾਨਸਿਕ ਪ੍ਰੇਸ਼ਾਨੀ 2.4% ਘੱਟ ਹੋਈ ਹੈ ਅਤੇ ਉਦਾਸੀ ਤੇ ਡਰ ਵਰਗੀਆਂ ਨਕਾਰਾਤਮਕ ਭਾਵਨਾਵਾਂ ਵਿਚ 5.2% ਦੀ ਕਮੀ ਆਈ ਹੈ।

# ਏ.ਆਈ. ਰਾਹੀਂ ਚੀਨ ਕਰ ਰਿਹੈ ਅਮਰੀਕੀ ਫੌਜੀ ਗਤੀਵਿਧੀਆਂ ਨੂੰ ਟ੍ਰੈਕ

ਵਾਸ਼ਿੰਗਟਨ- ਈਰਾਨ ਨਾਲ ਜਾਰੀ ਜੰਗ ਦੇ ਵਿਚਕਾਰ ਚੀਨ ਵੱਲੋਂ ਅਮਰੀਕੀ ਫੌਜ ਦੀਆਂ ਗੁਪਤ ਹਰਕਤਾਂ ਨੂੰ ਬੇਪਰਦ ਕਰਨ ਦਾ ਇੱਕ ਵੱਡਾ ਖੁਲਾਸਾ ਹੋਇਆ ਹੈ। ਇੱਕ ਤਾਜ਼ਾ ਰਿਪੋਰਟ ਅਨੁਸਾਰ ਚੀਨੀ ਕੰਪਨੀਆਂ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਅਤੇ ਓਪਨ-ਸੋਰਸ ਡਾਟਾ ਦੀ ਵਰਤੋਂ ਕਰਕੇ ਮੱਧ ਪੂਰਬ ਵਿਚ ਅਮਰੀਕੀ ਫੌਜੀ ਗਤੀਵਿਧੀਆਂ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਹੀਆਂ ਹਨ। ਇਸ ਘਟਨਾਕ੍ਰਮ ਨੇ ਵਾਸ਼ਿੰਗਟਨ ਵਿਚ ਸੁਰੱਖਿਆ ਸਬੰਧੀ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ। ਹਾਲਾਂਕਿ ਚੀਨ ਨੇ ਜਨਤਕ ਤੌਰ 'ਤੇ ਆਪਣੇ ਆਪ ਨੂੰ ਟਕਰਾਅ ਤੋਂ ਦੂਰ ਕਰ ਲਿਆ ਹੈ।ਰਿਪੋਰਟ ਅਨੁਸਾਰ ਵੱਡੀ ਗਿਣਤੀ ਵਿਚ ਚੀਨੀ ਨਿੱਜੀ ਕੰਪਨੀਆਂ ਅਜਿਹੇ ਇੰਟੈਲੀਜੈਂਸ ਟੂਲਸ ਦੀ ਮਾਰਕੀਟਿੰਗ ਕਰ ਰਹੀਆਂ ਹਨ, ਜੋ ਅਮਰੀਕੀ ਫੌਜਾਂ ਦੀ ਮੌਜੂਦਗੀ ਅਤੇ ਉਨ੍ਹਾਂ ਦੀ ਹਰਕਤ ਨੂੰ 'ਐਕਸਪੋਜ਼' (ਬੇਪਰਦ) ਕਰਨ ਦਾ ਦਾਅਵਾ ਕਰਦੇ ਹਨ। ਇਹ ਕੰਪਨੀਆਂ ਏ.ਆਈ. ਨੂੰ ਸੈਟੇਲਾਈਟ ਤਸਵੀਰਾਂ, ਫਲਾਈਟ ਟਰੈਕਰਾਂ ਅਤੇ ਸ਼ਿਪਿੰਗ ਜਾਣਕਾਰੀ ਵਰਗੇ ਜਨਤਕ ਤੌਰ 'ਤੇ ਉਪਲਬਧ ਡਾਟਾ ਨਾਲ ਜੋੜ ਰਹੀਆਂ ਹਨ। ਇਸ ਰਾਹੀਂ ਅਮਰੀਕੀ ਜੰਗੀ ਬੇੜਿਆਂ, ਜਹਾਜ਼ਾਂ ਦੀ ਸਥਿਤੀ ਅਤੇ ਫੌਜੀ ਬੇਸਾਂ ਦੀਆਂ ਗਤੀਵਿਧੀਆਂ ਦਾ ਵਿਸਤ੍ਰਿਤ ਵਿਸ਼ਲੇਸ਼ਣ ਤਿਆਰ ਕੀਤਾ ਜਾ ਰਿਹਾ ਹੈ।ਰਿਪੋਰਟ ਵਿਚ ਦੱਸਿਆ ਗਿਆ ਹੈ ਕਿ ਇਨ੍ਹਾਂ ਵਿਚੋਂ ਕਈ ਕੰਪਨੀਆਂ ਦੇ ਸਬੰਧ ਸਿੱਧੇ ਤੌਰ 'ਤੇ ਚੀਨ ਦੇ ਫੌਜੀ ਸਿਸਟਮ ਨਾਲ ਹਨ। ਇਹ ਬੀਜਿੰਗ ਦੀ ਉਸ ਰਣਨੀਤੀ ਦਾ ਹਿੱਸਾ ਹਨ, ਜਿਸ ਤਹਿਤ ਨਿੱਜੀ ਖੇਤਰ ਦੀ ਨਵੀਨਤਾ ਨੂੰ ਰੱਖਿਆ ਸਮਰੱਥਾ ਵਿਚ ਸ਼ਾਮਲ ਕੀਤਾ ਜਾ ਰਿਹਾ ਹੈ। ਅਮਰੀਕੀ ਮਾਹਰਾਂ ਦਾ ਮੰਨਣਾ ਹੈ ਕਿ ਇਹ ਆਧੁਨਿਕ ਟੂਲ ਭਵਿੱਖ ਦੇ ਸੰਘਰਸ਼ਾਂ ਵਿਚ ਅਮਰੀਕਾ ਲਈ ਆਪਣੀਆਂ ਫੌਜੀ ਹਰਕਤਾਂ ਨੂੰ ਗੁਪਤ ਰੱਖਣਾ ਹੋਰ ਵੀ ਮੁਸ਼ਕਲ ਬਣਾ ਦੇਣਗੇ।ਅਮਰੀਕੀ ਸੰਸਦ ਮੈਂਬਰਾਂ ਨੇ ਇਸ 'ਤੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਚੀਨ ਬਾਰੇ ਹਾਊਸ ਸਿਲੈਕਟ ਕਮੇਟੀ ਨੇ ਇੱਕ ਬਿਆਨ ਵਿਚ ਕਿਹਾ ਕਿ ਚੀਨੀ ਕਮਿਊਨਿਸਟ ਪਾਰਟੀ ਨਾਲ ਜੁੜੀਆਂ ਕੰਪਨੀਆਂ ਏ.ਆਈ. ਨੂੰ ਅਮਰੀਕਾ ਵਿਰੁੱਧ ਜੰਗੀ ਨਿਗਰਾਨੀ ਹਥਿਆਰ ਵਜੋਂ ਵਰਤ ਰਹੀਆਂ ਹਨ। ਇੱਕ ਚੀਨੀ ਫਰਮ ਨੇ ਤਾਂ ਇੱਥੋਂ ਤੱਕ ਦਾਅਵਾ ਕੀਤਾ ਹੈ ਕਿ ਉਹ ਅਮਰੀਕੀ ਫੌਜੀ ਗਤੀਵਿਧੀਆਂ ਨੂੰ 'ਰੀਅਲ ਟਾਈਮ' ਵਿਚ ਟਰੈਕ ਕਰ ਸਕਦੀ ਹੈ।ਵਿਸ਼ਲੇਸ਼ਕਾਂ ਦਾ ਕਹਿਣਾ ਹੈ ਕਿ ਚੀਨ ਇਸ ਮਾਮਲੇ ਵਿਚ ਦੋਹਰੀ ਨੀਤੀ ਅਪਣਾ ਰਿਹਾ ਹੈ। ਇੱਕ ਪਾਸੇ ਬੀਜਿੰਗ ਜਨਤਕ ਤੌਰ 'ਤੇ ਜੰਗਬੰਦੀ ਅਤੇ ਸ਼ਾਂਤੀ ਵਾਰਤਾ ਦੀ ਅਪੀਲ ਕਰਕੇ ਜੰਗ ਤੋਂ ਦੂਰੀ ਬਣਾ ਰਿਹਾ ਹੈ, ਪਰ ਦੂਜੇ ਪਾਸੇ ਉਸਦਾ ਨਿੱਜੀ ਖੇਤਰ ਇਸ ਜੰਗ ਦਾ ਫਾਇਦਾ ਉਠਾ ਕੇ ਆਪਣੀ ਖੁਫੀਆ ਸਮਰੱਥਾ ਵਧਾ ਰਿਹਾ ਹੈ। ਇਸ ਨਾਲ ਚੀਨੀ ਸਰਕਾਰ ਨੂੰ ਸਿੱਧੇ ਤੌਰ 'ਤੇ ਜੰਗ ਵਿਚ ਸ਼ਾਮਲ ਹੋਏ ਬਿਨਾਂ ਰਣਨੀਤਕ ਲਾਭ ਮਿਲ ਰਿਹਾ ਹੈ।


17 SECTOR
Fashion & Fabrics

- ਨਵੇਂ ਜਨਮੇ ਬੱਚਿਆਂ (ਕੁੜੀਆਂ ਤੇ ਮੁੰਡੇ) ਦੇ ਕੱਪੜਿਆਂ ਦੀ ਸ਼ਿਪਮੈਂਟ ਪਹੁੰਚ ਚੁੱਕੀ ਹੈ। ਇਹਨਾਂ ਤੇ ਭਾਰੀ ਸੇਲ ਲੱਗੀ ਹੈ।
- ਗਰਮ ਕੋਟ ਪੈਂਟ ਦਾ ਕੱਪੜਾ ਵੀ ਆ ਚੁੱਕਾ ਹੈ
- ਮੈਨਜ਼ ਕੁਰਤੇ ਪਜਾਮੇ, ਜੈਕਟਾਂ ਤੇ ਭਾਰੀ ਸੇਲ
- ਲੇਡੀਜ਼ ਵਾਸਤੇ ਕਸਟਮ ਸਟਿਚਡ ਸੂਟ ਸੇਲ ਤੇ
- ਕੋਈ ਵੀ ਸਮਾਨ ਦੀ ਖਰੀਦਦਾਰੀ ਤੇ ਛੋਟੇ ਬੱਚਿਆਂ ਵਾਸਤੇ ਫਰੀ ਰੁਮਾਲ ਜਾਂ ਪਟਕੇ
- ਛੋਟੀਆਂ ਕੁੜੀਆਂ ਦੇ ਨਵੇਂ ਸਟਾਇਲ ਦੇ ਸੂਟ ਪਹੁੰਚ ਗਏ ਹਨ

Special Sale
ਸਪੈਸ਼ਲ ਸੇਲ
Mens Printed Vests
1 for $50 & 3 For $100
Unstiched ਲੇਡੀਜ ਸੂਟਾਂ ਤੇ ਭਾਰੀ ਸੇਲ

ਲੇਡੀਜ ਨਾਇਰਾ ਕੱਟ ਸੂਟ ਇਕ ਲਉ ਇਕ FREE

Mens & Boys ਕੁੜਤਾ ਪਜਾਮਾ 10% ਤੋਂ 30% Off Limited Stock

ਲਹਿੰਗੇ $75 ਤੋਂ ਸ਼ੁਰੂ

ਕੁੜੀਆਂ ਦੇ ਫੈਂਸੀ ਸੂਟਾਂ ਦੀ ਭਾਰੀ ਸ਼ਿਪਮੈਂਟ ਪਹੁੰਚ ਚੁੱਕੀ ਹੈ



ਅਸੀਂ ਹਰ ਤਰਾਂ ਦੇ ਕੱਪੜਿਆਂ ਦੀ ਸਿਲਾਈ ਅਤੇ ਆਲਟਰੇਸ਼ਨ ਕਰਦੇ ਹਾਂ

(We Have All Sizes From New Born To Size 56)
#186-8138 128 St, Surrey, BC
Large Discounts On Artificial Jewellery

Ph:604.594.1788



Member FDIC EQUAL HOUSING LENDER SBA Preferred Lender



Best-in-Class Banking Built to Respect Your Journey

## Bank of Hope SBA Loans*

- **Fast decisions** through PLP Lender
- **Long term financing** up to 25 years for real estate loans, 10 years for business loans
- **Low down payments** as low as 10% for real estate loans
- **Fully amortized payments** with no balloon payments
- **Closing costs financing** available for eligible applicants

*All terms and conditions are subject to underwriting and credit approval.

## Bank of Hope Commercial Lending

- Commercial Loans
  - Financing for retail strip centers and apartment purchases or refinances
- Term Loan Features
  - Up to 7-year installment terms
  - Fixed monthly payments (principal & interest) with full repayment at maturity
  - Lump sum disbursement
  - Fixed or variable interest rates
- Commercial Real Estate Loans & Lines of Credit
  - Ideal for purchasing or refinancing commercial properties for business owners

Top 2% SBA Lender in the U.S. by Volume‡

**Brian Kang** Business Banking / SVP & PNW Business Banking Regional Director
**Seattle Office** (425) 921-1098 **Portland Office** (971) 801-6275

Scan for more Info

Bank of Hope®

‡Source: SBA national lender rankings for Fiscal Year ended 09/30/2024.

## Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



MULTANI LAW GROUP

**Jashan Multani**

**206-243-4219**

Gerald F. Robison
Senior Attorney



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum
  U-Visa, Vawa,
- SIJ Guardianship Cases
- Car Accidents/Personal Injury
- Evictions

**ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ**

- ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ,
  ਯੂ-ਵੀਜਾ, ਵਾਅਵਾ,
- SIJ ਗਾਰਡੀਅਨਸ਼ਿਪ ਕੇਸ
- ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
- ਕਿਰਾਏਦਾਰ ਕੱਢਣਾ

**Website:multanilawgroup.com**

**Email:Jashan@multanilawgroup.com**

Add: 13106 S. East 240th St., #110, Kent, WA 98031

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ

# USA TRAVEL

## FLY from Seattle to India

We Represent All Major Airlines

TURKISH AIRLINES

QATAR AIRWAYS القطرية

DELTA

Emirates

Lufthansa



Lowest Fare Guaranteed

We will beat any fare given in Kent/Seattle Area by Any Travel Agency

24 Hr Emergency
Call Amit Juneja: 206-992-2724



*Now 2 Locations To Serve You*

23609 104th Ave SE #101, Kent WA 98031
Ph: 253-867-0450 | 253-867-0451
1729 208th St Suite #202, Bothell WA 98012
Ph: 425-420-1888 | 425-420-1889
Email: info@usatravelguru.com
Website: www.usatravelguru.com

*India Special FARES*

**USA Travel Services is your one-stop shop for all of your travel needs.**

• Power of Attorney,
• Affidavits, Passports,
• Renunciations
• OCI • Notary Public •
• Translation - Hindi / Punjabi
• Uk & India Online Visa Available

• ਮੁਖਤਿਆਰਨਾਮਾ,
• ਐਫੀਡੈਵਿਟ, ਪਾਸਪੋਰਟ,
• ਓ.ਸੀ.ਆਈ.
• ਨੋਟਰੀ ਪਬਲਿਕ
• ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
• ਇੰਡੀਆ ਦਾ ਵੀਜ਼ਾ
ਅਤੇ ਪਾਸਪੋਰਟ ਬਣਵਾਉ





OPEN 6 DAYS A WEEK,
TUESDAY CLOSED

OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

← New Pabla Ready To Eat Frozen Cuisine Available →
Renton Location has Full Grocery Store & Sweet Shop
East Indian Spices, Dairy Products,



ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ



ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।

Pabla Indian Cuisine
Phone: 425-228-4625 Fax: 425-228-4629
Serving Washington for 27 years.
www.pablacuisine.com
pablacuisine@gmail.com

PABLA PUNJABI PALACE
2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties •Birthday Parties •Mehndi Parties • Business Meetings •Any Kind Of Functions
Specials: Take out 7 Days a week
DJ, Dance Floor, Catering for
All Occasions, Big TV Screens & Family Atmosphere
Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੋਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ
For booking your event Please call Jas pabla At
Ph: 206-769-5559 Email: pablajas@yahoo.com

PIZZA STATION
15300 33rd Ave S. Suite130, Seatac WA
10% Off All Orders
ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133
Sun to Thurs: 10 am-10 pm
Fri/Sat: 10 am to 11pm
Email:info@pizzastationwa.com

Space Available for your Ad
ਪੰਜਾਬ ਗਾਰਡੀਅਨ ਨਾਲ ਐਡ ਪਾਉ ਅਤੇ ਆਪਣਾ ਬਿਜ਼ਨਸ ਵਧਾਓ



PUNJAB GUARDIAN
Call to Advertise 604-590-5200

Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।
Opening Hours: 9 am to 9 pm (7Days Week)
PH:206-644-4010

TEAM ARMY

REAL ESTATE
Specialties:Buyers's Agent
Listing Agent-Short Sale
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

MORTGAGE
Specialties:Loan Specialist
Many Financing Options Available
*RESIDENTIAL *COMMERCIAL
ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ

Maj Parminder (Pari) Mann
Ex Indian Army
SKYLINE PROPERTIES, INC
Cell:425-499-9704
email:parimann@gmail.com





Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

AUBURN'S MAIN SUPERMARKET
INDIAN GROCERIES-LIQUOR-WINE
1119E Main St. Auburn, WA 98002
Store hours: Mon-Sat: 8:00 AM - 10:00 PM Sun: 8:00 AM - 9:00 PM
Lowest Prices in Town WIDE VARIETY OF FROZEN FOOD
When you spend $50 or more,get 5% discount
When you spend $100 or more,get 10% discount Discount only apply to Indian Grocery






FREE PANI-PURI FRI-SUN (12PM 5PM) ONLY 4 Pani Puri/CUSTOMER
ALL KINDS OF HOUSEHOLD UTENSILS (BARTAN) AVAILABLE
BLANKETS ARE ALSO AVAILABILE IN KING, QUEEN, TWIN SIZES
Fresh SugarCane Juice Everyday
Ph:253-249-7430, Cell:253-205-9981
www.auburnsmainsupermarket.com *All prices are marked down



Kaurs Tax And Accounting

Trucking Compliance
- IFTA
- IRP Registration
- LLC Registration
- Permits and Licensing
- Drug and Alcohal
- Clearing House
- Dot Compliance
- FMCSA Compliance
- DOT Audit Support
- Heavy Highway Tax
- MCS-150

Professional Assistance Filling
- OCI • UK Visa
- Passport • Indian Visa
- Power Of Attorney
- Immigration Petition
- Permit & Citizenship
- Health Insurance
- Affidavit

ਇਹ ਸੇਵਾਵਾਂ ਪੰਜਾਬੀ/ਹਿੰਦੀ ਵਿੱਚ ਵੀ ਉਪਲੱਬਧ ਹਨ।

Tax Services
- Tax Filing & Planning
- Personal & Business
- Notary Public
- Payroll Service

ਵਧੀਆ ਅਤੇ ਭਰੋਸੇਮੰਦ ਪ੍ਰੋਫੈਸ਼ਨਲ ਅਕਾਊਂਟਿੰਗ ਅਤੇ ਟੈਕਸ ਸੇਵਾਵਾਂ ਲਈ ਸੰਪਰਕ ਕਰੋ:





Jaz Kaur Randhawa
Ph:206-472-9602
702 S Hill Park Dr Suite 202 Puyallup, WA 98373
accounting@kaurs.net
trucking@kaurs.net
Web:www.kaurs.net



WEST CAPITAL LENDING
YOUR PREFFERRED LOCAL LENDER
- ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
- ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
- ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ

-CONVENTIONAL -FHA -VA Loans -30YR/15YR/10YR FIXED -DSCR
-P&L -30 DAY SOFR ARM -1099 PROGRAM -7/6 SOFR ARMS
-LOT/CUSTOM CONSTRUCTION LOAN AVAILABLE
-24/12 BANK STATEMENT LOANS





ਮੌਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ
ਘੱਟ ਰੇਟਾਂ ਦੀ ਗਰੰਟੀ
KESSHAV SHARMA
BRANCH MANAGER
WEST CAPITAL LENDING
Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614



Ready to grow your business?
Count on us for solutions.





Gifty Singh
Bellevue
400 112th Ave NE
206-909-5226
BANNER BANK
bannerbank.com Member FDIC



JAG'S PIZZA
ਇੰਡੀਅਨ ਸਟਾਈਲ ਪੀਜ਼ਾ ਮੈਰਿਸਵੈੱਲ ਵਿਚ
ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ, ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ, ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ
PH:360-386-9508
5830 B, Grove St, Marysville, WA
(Inside Shell Gas Station Plaza)
www.jagspizza.com
OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM



HG TAX AND ACCOUNTING
25228 104th AVE SE Suite 103 Kent, WA 98030
IT'S TIME TO SAVE ON YOUR TAXES
OPEN M-F: 10 AM to 6 PM
SAT: 11 AM to 4 PM
SUN: By Appointment





Harpreet Singh, J.D. (253) 202-4516



LANCER TRUCKING LLC
21307-116TH AVE SE, KENT, WA 98031-2206
Running all across United States





Privately owned transportation company that specialized in truckload, less than truckload (LTL) and expedited service with the most competitive rates, quality service. Let us handle your load.
Ph:206-849-1313



ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੋਸਰੀ ਸਟੋਰ
ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ
GROCERY SINGH
SAT SRI AKAL






ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ
We Accept EBT Benefits SNAP
Now HIRING
ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ
1825 BROADWAY, EVERETT WA 98201
425-374-7550 / 206-786-0870